ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 18 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੩ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮੋਹਿੰਦਰ ਭਗਤ ਨੇ ਮੁੱਖ ਮੰਤਰੀ ਮਾਨ ਦੀ ਮੌਜੂਦਗੀ 'ਚ ਚੁੱਕੀ ਸਹੁੰ



**ਜਲੰਧਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵੈਸਟ ਤੋਂ ਨਵੇਂ ਚੁਣੇ ਗਏ ਵਿਧਾਇਕ ਮੋਹਿੰਦਰ ਭਗਤ ਨੇ ਆਪਣੇ ਅਹੁਦੇ ਲਈ ਸਹੁੰ ਚੁੱਕ ਲਈ ਹੈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਨੂੰ ਆਪਣੇ ਦਫ਼ਤਰ ਵਿਚ ਵਿਧਾਇਕ ਵਜੋਂ ਸਹੁੰ ਚੁਕਾਈ। ਇਸ ਦੇ ਨਾਲ ਹੀ ਹੁਣ ਮੋਹਿੰਦਰ ਭਗਤ ਰਸਮੀ ਤੌਰ 'ਤੇ ਜਲੰਧਰ ਵੈਸਟ ਦੇ ਵਿਧਾਇਕ ਬਣ ਗਏ ਹਨ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਵੀ ਮੌਜੂਦ ਰਹੇ। ਇਸ ਤੋਂ ਪਹਿਲਾਂ ਮੋਹਿੰਦਰ ਭਗਤ ਨੇ ਪਰਿਵਾਰ ਅਤੇ ਸਮਰਥਕਾਂ ਸਮੇਤ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕੀਤੀ। ਜ਼ਿਕਰਯੋਗ ਹੈ ਕਿ 13 ਜੁਲਾਈ ਨੂੰ ਐਲਾਨੇ ਗਏ ਚੋਣ ਨਤੀਜੇ ਵਿਚ 'ਆਪ' ਦੇ ਮੋਹਿੰਦਰ ਭਗਤ ਨੇ 55,246 ਹਜ਼ਾਰ ਵੋਟਾਂ ਹਾਸਲ ਕਰਕੇ ਵੱਡੀ ਜਿੱਤ ਹਾਸਲ ਕੀਤੀ ਸੀ। ਮੋਹਿੰਦਰ ਭਗਤ 37,325 ਵੋਟਾਂ ਦੇ ਵੱਡੇ ਫ਼ਰਕ ਨਾਲ ਜਿੱਤੇ ਹਨ। ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ ਦੂਜੇ ਅਤੇ ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਤੀਜੇ ਨੰਬਰ 'ਤੇ ਰਹੇ ਸਨ। ਦੱਸ ਦਈਏ ਕਿ ਇਹ ਸੀਟ ਆਮ ਆਦਮੀ ਪਾਰਟੀ ਦੇ ਵਿਧਾਇਕ ਸ਼ੀਤਲ ਅੰਗੁਰਾਲ ਦੇ ਅਸਤੀਫ਼ੇ ਮਗਰੋਂ ਖ਼ਾਲੀ ਹੋ ਗਈ ਸੀ, ਜੋ ਲੋਕ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਵਿਚ ਚਲੇ ਗਏ ਸਨ।

## ਭਾਰੀ ਮੀਂਹ ਦਾ ਕਹਿਰ

# 40 ਲੋਕਾਂ ਦੀ ਮੌਤ, ਸੈਂਕੜੇ ਘਰ ਤਬਾਹ

**ਕਾਬੁਲ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਕਈ ਹਿੱਸਿਆਂ ਵਿੱਚ ਇਸ ਵੇਲੇ ਮੀਂਹ ਤੇ ਹੜ੍ਹਾਂ ਕਾਰਨ ਜਿਥੇ ਸਥਿਤੀ ਕਾਫੀ ਚਿੰਤਾਜਨਕ ਬਣੀ ਹੋਈ ਹੈ, ਉਥੇ ਹੀ ਭਾਰਤ ਤੋਂ ਇਲਾਵਾ ਹੋਰ ਦੇਸ਼ਾਂ ਵਿੱਚ ਵੀ ਇਸ ਤਰ੍ਹਾਂ ਦੇ ਹਾਲਾਤ ਵੇਖਣ ਨੂੰ ਮਿਲ ਰਹੇ ਹਨ। ਗੱਲ ਕਰੀਏ ਪੂਰਬੀ ਅਫਗਾਨਿਸਤਾਨ ਦੀ ਤਾਂ ਇਥੇ ਵੀ ਭਾਰੀ ਮੀਂਹ ਵੇਖਣ ਨੂੰ ਮਿਲ ਰਿਹਾ ਹੈ। ਮੀਂਹ ਇੱਥੋਂ ਦੇ ਲੋਕਾਂ ਲਈ ਕਹਿਰ ਬਣ ਵਰ੍ਹ ਰਿਹਾ ਹੈ। ਭਾਰੀ ਮੀਂਹ ਕਾਰਨ ਇੱਥੇ 40 ਲੋਕਾਂ ਦੀ ਮੌਤ ਹੋ ਗਈ ਹੈ ਅਤੇ ਕਰੀਬ 350 ਲੋਕ ਜ਼ਖਮੀ ਹੋ ਗਏ ਹਨ। ਪਿਛਲੇ ਕੁਝ ਦਿਨਾਂ ਤੋਂ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਲੋਕਾਂ ਦਾ ਜਿਊਣਾ ਮੁਸ਼ਿਕਲ ਹੋ ਗਿਆ ਹੈ। ਸੜਕਾਂ ਦੇ ਨਾਲ-ਨਾਲ ਲੋਕਾਂ ਦੇ ਘਰਾਂ ਅੰਦਰ ਵੀ ਪਾਣੀ ਵੜ ਗਿਆ ਹੈ। ਮੀਂਹ ਕਾਰਨ ਹੋਈ ਤਬਾਹੀ ਕਾਰਨ ਕਾਫੀ ਨੁਕਸਾਨ ਹੋਇਆ ਹੈ। ਸੂਬਾਈ ਬੁਲਾਰੇ ਸਦੀਕਉੱਲ੍ਹਾ ਕੁਰੈਸ਼ੀ ਨੇ ਦੱਸਿਆ ਕਿ ਸੋਮਵਾਰ ਨੂੰ ਬਾਰਿਸ਼ ਅਤੇ ਬਿਜਲੀ ਡਿੱਗਣ ਕਾਰਨ ਸੁਰਖ ਰੋਡ ਜ਼ਿਲੇ 'ਚ ਇਕ ਘਰ ਦੀ ਛੱਤ ਡਿੱਗ ਗਈ। ਇਸ ਹਾਦਸੇ 'ਚ ਇੱਕੋ ਪਰਿਵਾਰ ਦੇ 5 ਲੋਕਾਂ ਦੀ ਮੌਤ ਹੋ ਗਈ ਜਦਕਿ 4 ਲੋਕ ਜ਼ਖਮੀ ਹੋ ਗਏ। ਕੁਰੈਸ਼ੀ ਨੇ ਦੱਸਿਆ ਕਿ ਮੀਂਹ ਕਾਰਨ ਕਰੀਬ 400 ਘਰ ਅਤੇ 60 ਬਿਜਲੀ ਦੇ ਖੰਭੇ ਢਹਿ ਗਏ। ਕਈ ਇਲਾਕਿਆਂ ਵਿੱਚ ਬਿਜਲੀ ਕੱਟ ਦਿੱਤੀ ਗਈ ਹੈ। ਇਸ ਦੇ ਨਾਲ ਹੀ ਕਾਫੀ ਨੁਕਸਾਨ ਵੀ ਹੋਇਆ ਹੈ ਜਿਸ ਦਾ ਅਨੁਮਾਨ ਲਗਾਇਆ ਜਾ ਰਿਹਾ ਹੈ।



**ਇੱਕ ਘੰਟੇ ਵਿੱਚ ਹੋਈ ਭਾਰੀ ਤਬਾਹੀ :** ਦੱਸਿਆ ਜਾ ਰਿਹਾ ਹੈ ਕਿ ਸਿਰਫ ਇਕ ਘੰਟੇ ਦੇ ਅੰਦਰ ਇੰਨੀ ਵੱਡੀ ਤਬਾਹੀ ਹੋਈ। ਇਸ ਦੌਰਾਨ ਤੇਜ਼ ਹਨੇਰੀ ਅਤੇ ਮੀਂਹ ਕਾਰਨ ਘਰਾਂ ਦੀਆਂ ਛੱਤਾਂ ਅਤੇ ਸਮਾਨ ਉੱਡ ਗਿਆ। ਅੰਤਰਰਾਸ਼ਟਰੀ ਬਚਾਅ ਕਮੇਟੀ ਅਫਗਾਨਿਸਤਾਨ ਦੀ ਡਾਇਰੈਕਟਰ ਸਲਮਾ ਬੇਨ ਆਇਸ਼ਾ ਨੇ ਕਿਹਾ ਕਿ ਉਨ੍ਹਾਂ ਦਾ ਸਮੂਹ ਮੁਲਾਂਕਣ ਕਰ ਰਿਹਾ ਹੈ ਅਤੇ ਐਮਰਜੰਸੀ ਸਿਹਤ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਅਫਗਾਨਿਸਤਾਨ ਵਿਚ ਇਸ ਤਬਾਹੀ 'ਤੇ ਚਿੰਤਾ ਪ੍ਰਗਟਾਈ ਹੈ।


## ਪੰਜਾਬ 'ਚ ਗੋਲਡੀ ਬਰਾੜ ਤੇ ਰਿੰਦਾ ਖ਼ਿਲਾਫ਼ ਮਾਮਲਾ ਦਰਜ

**ਫਿਰੋਜ਼ਪੁਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਵਿਖੇ ਇਕ ਵਿਅਕਤੀ ਨੂੰ ਗੋਲਡੀ ਬਰਾੜ ਨੇ ਧਮਕੀ ਭਰੇ ਐੱਸ. ਐੱਮ. ਐੱਸ. ਕਰਕੇ 50 ਲੱਖ ਅਤੇ ਹੱਥ ਲਿਖਤ ਚਿੱਠੀ ਰਾਹੀਂ 2 ਕਰੋੜ ਰੁਪਏ ਦੀ ਫਿਰੌਤੀ ਮੰਗ ਕੇ ਹਰਿੰਦਰ ਸਿੰਘ ਰਿੰਦਾ ਵੱਲੋਂ ਧਮਕੀਆਂ ਦਿੱਤੀਆਂ ਹਨ। ਇਸ ਸਬੰਧ ਵਿਚ ਥਾਣਾ ਕੁੱਲਗੜ੍ਹੀ ਪੁਲਸ ਨੇ ਉਕਤ ਦੋ ਵਿਅਕਤੀਆਂ ਖ਼ਿਲਾਫ 384, 506, 115, 120-ਬੀ ਆਈ. ਪੀ. ਸੀ. ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਵਰਿੰਦਰ ਪਾਲ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਕੋਠੀ ਨੰਬਰ 2 ਪਾਇਨਰ ਇਨਕਲੇਵ ਮੋਗਾ ਰੋਡ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦੇ ਵਟਸਐਪ 'ਤੇ ਮਿਤੀ 16-17 ਦਸੰਬਰ 2023 ਨੂੰ ਗੋਲਡੀ ਬਰਾੜ ਨੇ ਧਮਕੀ ਭਰੇ ਐੱਸ. ਐੱਮ. ਐੱਸ. ਕਰਕੇ 50 ਲੱਖ ਰੁਪਏ ਦੀ ਫਿਰੌਤੀ ਮੰਗੀ ਅਤੇ ਮਿਤੀ 28 ਜੁਲਾਈ 2024 ਨੂੰ ਹੱਥ ਲਿਖਤ ਚਿੱਠੀ ਰਾਹੀਂ 2 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਹੈ। ਵਰਿੰਦਰਪਾਲ ਸਿੰਘ ਨੇ ਦੱਸਿਆ ਕਿ ਹਰਿੰਦਰ ਸਿੰਘ ਉਰਫ ਰਿੰਦਾ ਵੱਲੋਂ ਵਟਸਐਪ 'ਤੇ ਧਮਕੀਆਂ ਦਿੱਤੀਆਂ ਗਈਆਂ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀਆਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ।



## ਕੰਗਾਲ ਹੁੰਦਾ ਪਾਕਿਸਤਾਨ ਭਾਰਤ ਲਈ ਦੁਸ਼ਮਣੀ ਵਧਾਉਣ ਲਈ ਖਰਚ ਰਿਹਾ ਮੋਟੇ ਰੁਪਏ

**ਇਸਲਾਮਾਬਾਦ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੀ ਅਰਥਵਿਵਸਥਾ ਬਹੁਤ ਬੁਰੀ ਸਥਿਤੀ 'ਚ ਹੈ ਅਤੇ ਇਸ ਦੀ ਜ਼ਿਆਦਾਤਰ ਆਬਾਦੀ ਖੁਰਾਕੀ ਮਹਿੰਗਾਈ ਦੇ ਸਭ ਤੋਂ ਬੁਰੇ ਦੌਰ 'ਚੋਂ ਗੁਜ਼ਰ ਰਹੀ ਹੈ। ਫਿਰ ਵੀ, ਇਸਲਾਮਾਬਾਦ ਦੀ ਤਰਜੀਹ ਗੁਆਂਢੀ ਦੇਸ਼ ਭਾਰਤ ਨਾਲ ਦੁਸ਼ਮਣੀ ਨਿਭਾਉਣਾ ਹੈ। ਪਾਕਿਸਤਾਨ ਸਰਕਾਰ 'ਯੌਮ-ਏ-ਇਸਤੇਹਸਾਲ' ਮਨਾਉਣ 'ਤੇ ਵੱਡੀ ਰਕਮ ਖਰਚ ਕਰ ਰਹੀ ਹੈ। ਇਹ ਜੰਮੂ-ਕਸ਼ਮੀਰ ਰਾਜ ਦਾ ਵਿਸ਼ੇਸ਼ ਦਰਜਾ ਰੱਦ ਕਰਨ ਦੇ ਭਾਰਤ ਦੇ ਫੈਸਲੇ ਦੀ ਨਿਖੇਧੀ ਕਰਨ ਦਾ ਪ੍ਰੋਗਰਾਮ ਹੈ। ਇਹ ਹਰ ਸਾਲ 5 ਅਗਸਤ ਨੂੰ ਮਨਾਇਆ ਜਾਂਦਾ ਹੈ। ਇਸਲਾਮਾਬਾਦ ਨੇ 'ਯੌਮ-ਏ-ਇਸਤੇਹਸਾਲ' ਪ੍ਰੋਗਰਾਮ ਨੂੰ ਸਿਰਫ਼ ਪਾਕਿਸਤਾਨੀ ਸ਼ਹਿਰਾਂ ਤੱਕ ਹੀ ਸੀਮਤ ਨਹੀਂ ਰੱਖਿਆ, ਸਗੋਂ ਇਸ ਵਰ੍ਹੇਗੰਢ ਨੂੰ ਮਨਾਉਣ ਲਈ ਵੱਖ-ਵੱਖ ਦੇਸ਼ਾਂ ਦੇ ਦੂਤਾਵਾਸਾਂ ਨੂੰ ਨਿਰਦੇਸ਼ ਦਿੱਤੇ ਹਨ। ਦੱਖਣੀ ਅਫਰੀਕਾ, ਅਫਗਾਨਿਸਤਾਨ, ਨਿਊਜ਼ੀਲੈਂਡ, ਸਵੀਡਨ, ਅਮਰੀਕਾ, ਚੀਨ, ਨੇਪਾਲ, ਆਸਟਰੀਆ, ਕਿਰਗਿਸਤਾਨ, ਮਾਲਦੀਵ, ਮਿਆਂਮਾਰ, ਕਜ਼ਾਕਿਸਤਾਨ, ਕੋਰੀਆ, ਸੰਯੁਕਤ ਅਰਬ ਅਮੀਰਾਤ, ਸਵਿਟਜ਼ਰਲੈਂਡ, ਫਰਾਂਸ, ਜਾਪਾਨ ਅਤੇ ਘਾਨਾ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹਨ, ਜਿੱਥੇ ਇਸਲਾਮਾਬਾਦ ਨੇ ਪ੍ਰੋਗਰਾਮ ਦਾ ਆਯੋਜਨ ਕੀਤਾ ਹੈ। ਵੱਖ-ਵੱਖ ਦੇਸ਼ਾਂ ਵਿਚ ਪਾਕਿਸਤਾਨੀ ਦੂਤਾਵਾਸ ਨਿਯਮਿਤ ਤੌਰ 'ਤੇ ਯੂਮ-ਏ-ਇਸਤੇਹਸਾਲ ਸਮਾਗਮਾਂ ਦਾ ਆਯੋਜਨ ਕਰਦੇ ਹਨ, ਜਿਸ ਨਾਲ ਸਰਕਾਰੀ ਖਜ਼ਾਨੇ 'ਤੇ ਬੋਝ ਵਧਦਾ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ 'ਤੇ ਹਮੇਸ਼ਾ ਤੋਂ ਜ਼ਿਆਦਾ ਖਰਚ ਕਰਨ ਦਾ ਦੋਸ਼ ਲੱਗਾ ਹੈ। ਹਾਲ ਹੀ ਵਿੱਚ, ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਿਹਬਾਜ਼ ਸ਼ਰੀਫ ਨੂੰ ਵਿਦੇਸ਼ੀ ਮਾਮਲਿਆਂ 'ਤੇ ਬਹੁਤ ਜ਼ਿਆਦਾ ਖਰਚ ਨੂੰ ਲੈ ਕੇ ਵਧਦੀ ਆਲੋਚਨਾ ਦੇ ਵਿਚਕਾਰ ਬਚਤ ਦੇ ਉਪਾਅ ਲਾਗੂ ਕਰਨੇ ਪਏ ਸਨ। ਪਾਕਿਸਤਾਨ ਦੇ ਆਡੀਟਰ ਜਨਰਲ ਨੇ ਆਪਣੀਆਂ 2022-23 ਅਤੇ 2021-22 ਦੀਆਂ ਰਿਪੋਰਟਾਂ ਵਿੱਚ ਵਿਦੇਸ਼ੀ ਮਿਸ਼ਨਾਂ ਦੁਆਰਾ ਕੀਤੇ ਗਏ ਵਾਧੂ ਖਰਚਿਆਂ 'ਤੇ ਚਿੰਤਾ ਜ਼ਾਹਰ ਕੀਤੀ ਹੈ। ਇਸ ਵਿੱਚ ਕਿਹਾ ਗਿਆ ਹੈ, "(ਵਿਦੇਸ਼) ਮੰਤਰਾਲੇ ਨੇ ਪਾਕਿਸਤਾਨੀ ਰੁਪਏ ਦੇ 38,373 ਰੁਪਏ ਦੇ ਬਜਟ ਅਲਾਟਮੈਂਟ ਦੇ ਮੁਕਾਬਲੇ ਪਾਕਿਸਤਾਨੀ ਰੁਪਏ 11.550 ਮਿਲੀਅਨ ਖਰਚ ਕੀਤੇ, ਨਤੀਜੇ ਵਜੋਂ ਪਾਕਿਸਤਾਨੀ ਰੁਪਏ 11.512 ਮਿਲੀਅਨ (29,998.32 ਪ੍ਰਤੀਸ਼ਤ ਵਾਧੂ) ਨਿਯਮਾਂ ਦੀ ਉਲੰਘਣਾ ਵਿੱਚ ਖਰਚੇ ਗਏ।" ਆਡਿਟ ਰਿਪੋਰਟ ਵਿੱਚ ਵਿਦੇਸ਼ੀ ਸੰਸਥਾਵਾਂ ਨੂੰ ਵਿਦੇਸ਼ਾਂ ਵਿੱਚ ਸਮਾਗਮਾਂ ਦੇ ਆਯੋਜਨ ਦੌਰਾਨ ਅਨਿਯਮਿਤ ਭੁਗਤਾਨਾਂ ਅਤੇ ਫੰਡਾਂ ਦੀ ਦੁਰਵਰਤੋਂ ਲਈ ਦੋਸ਼ੀ ਠਹਿਰਾਇਆ ਗਿਆ ਹੈ। ਪਾਕਿਸਤਾਨ ਦੀ 68 ਫੀਸਦੀ ਆਬਾਦੀ ਸਿਹਤਮੰਦ ਖੁਰਾਕ ਨਹੀਂ ਲੈ ਸਕਦੀ ਅਤੇ ਉਨ੍ਹਾਂ ਦੀ ਅੱਧੀ ਕਮਾਈ ਭੋਜਨ ਖਰੀਦਣ 'ਤੇ ਲੱਗ ਜਾਂਦੀ ਹੈ। ਇਸ ਕਾਰਨ ਵਿਸ਼ਵ ਬੈਂਕ ਨੇ ਪਾਕਿਸਤਾਨ ਦੀ ਖੁਰਾਕ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਤੁਰੰਤ ਸੁਧਾਰਾਂ ਦੀ ਮੰਗ ਕੀਤੀ ਹੈ। ਹਾਲਾਂਕਿ, ਇਸਲਾਮਾਬਾਦ ਉਦਾਸੀਨ ਦਿਖਾਈ ਦਿੰਦਾ ਹੈ ਕਿਉਂਕਿ ਇਸ ਦੀਆਂ ਤਰਜੀਹਾਂ ਕਸ਼ਮੀਰ ਮੁੱਦੇ ਨੂੰ ਉਠਾ ਕੇ ਭਾਰਤ ਨਾਲ ਦੁਸ਼ਮਣੀ ਭੜਕਾਉਣ 'ਤੇ ਕੇਂਦਰਤ ਹੈ।




## ਕੈਨਨ ਬੁਆਏ ਨੇ ਕੀਤੇ ਰੌਂਗਟੇ ਖੜ੍ਹੇ ਕਰ ਦੇਣ ਵਾਲੇ ਖੁਲਾਸੇ

# ਜੇਲ੍ਹ 'ਚ ਕਿਸਾਨ ਲੀਡਰ ਨਵਦੀਪ ਜਲਬੇੜਾ ਨਾਲ ਕੀ-ਕੀ ਹੋਇਆ ?

**ਚੰਡੀਗੜ੍ਹ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ ਦੌਰਾਨ ਪੁਲਿਸ ਵੱਲ ਵਾਟਰ ਕੈਨਨ ਮੋੜਨ ਵਾਲਾ ਵਾਟਰ ਕੈਨਨ ਬੁਆਏ ਨਵਦੀਪ ਜਲਬੇੜਾ ਜੇਲ੍ਹ ਤੋਂ ਬਾਹਰ ਆ ਗਿਆ ਹੈ। ਨਵਦੀਪ ਨੂੰ ਕਰੀਬ 111 ਦਿਨ ਜੇਲ੍ਹ ਵਿੱਚ ਰਹਿਣ ਤੋਂ ਬਾਅਦ ਕੱਲ੍ਹ ਯਾਨੀ ਮੰਗਲਵਾਰ ਨੂੰ ਰਿਹਾਅ ਕੀਤਾ ਗਿਆ ਸੀ। ਜੇਲ੍ਹ ਵਿੱਚੋਂ ਬਾਹਰ ਆ ਕੇ ਨਵਦੀਪ ਜਲਬੇੜਾ ਨੇ ਕਈ ਖੁਲਾਸੇ ਕੀਤੇ ਹਨ। ਜੇਲ੍ਹ ਅੰਦਰ ਉਸ ਉਪਰ ਅੰਨ੍ਹਾ ਤਸ਼ੱਦਦ ਢਾਹਿਆ ਗਿਆ। ਦੱਸ ਦਈਏ ਕਿ ਨਵਦੀਪ ਨੂੰ ਹਰਿਆਣਾ ਪੁਲਿਸ ਨੇ ਗ੍ਰਿਫਤਾਰ ਕੀਤਾ ਸੀ। ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਨਵਦੀਪ ਨੇ ਹਰਿਆਣਾ ਪੁਲਿਸ ਤੇ ਕੇਂਦਰੀ ਏਜੰਸੀਆਂ ਵੱਲੋਂ ਕੀਤੇ ਗਏ ਤਸ਼ੱਦਦ ਬਾਰੇ ਖੁਲਾਸਾ ਕੀਤਾ ਹੈ। ਨਵਦੀਪ ਨੇ ਦੱਸਿਆ ਕਿ ਮੇਰੀ ਗ੍ਰਿਫਤਾਰੀ ਤੋਂ ਤੁਰੰਤ ਬਾਅਦ ਮੈਨੂੰ ਰਿਮਾਂਡ 'ਤੇ ਲੈ ਲਿਆ ਗਿਆ। ਰਿਮਾਂਡ ਰੂਮ ਵਿੱਚ ਕਰੀਬ 45 ਮੁਲਾਜ਼ਮ ਮੌਜੂਦ ਸਨ। ਰਿਮਾਂਡ ਦੌਰਾਨ ਮੇਰੇ ਉਪਰ ਤਸ਼ੱਦਦ ਢਾਹਿਆ ਗਿਆ। ਨਵਦੀਪ ਜਲਬੇੜਾ ਨੇ ਦੱਸਿਆ ਕਿ ਮੈਨੂੰ ਪਹਿਲਾਂ ਹੀ ਪਤਾ ਸੀ ਕਿ ਪੁਲਿਸ ਮੇਰੀ ਭਾਲ ਕਰ ਰਹੀ ਹੈ। ਅੰਬਾਲਾ ਵਿੱਚ ਵੀ ਪੁਲਿਸ ਨੇ ਮੇਰੀ ਕਾਰ ਦਾ ਪਿੱਛਾ ਕੀਤਾ ਸੀ ਜਦੋਂ ਉਹ ਘਰੋਂ ਨਿਕਲੇ ਸੀ। ਪੁਲਿਸ ਲੰਬੇ ਸਮੇਂ ਤੋਂ ਤਲਾਸ਼ ਕਰ ਰਹੀ ਸੀ। ਕਿਸਾਨ ਅੰਦੋਲਨ ਦੌਰਾਨ ਲੇਹ ਲੱਦਾਖ ਤੋਂ ਕੁਝ ਕਿਸਾਨ ਸਾਡੀ ਹਮਾਇਤ ਲਈ ਆਏ ਸੀ। ਮੈਂ ਫਲਾਈਟ ਰਾਹੀਂ ਮੋਹਾਲੀ ਤੋਂ ਲੇਹ ਗਿਆ ਸੀ। ਉੱਥੇ ਮੈਂ ਫੁਨਸੁਖ ਵਾਂਗਡੂ ਨੂੰ ਮਿਲਿਆ ਜੋ ਲੇਹ ਵਿੱਚ ਪ੍ਰਦਰਸ਼ਨ ਕਰ ਰਹੇ ਸੀ। ਉੱਥੇ ਅਸੀਂ ਵੀ ਫੁਨਸੁਖ ਵਾਂਗਡੂ ਦੇ ਪ੍ਰਦਰਸ਼ਨ ਦਾ ਸਮਰਥਨ ਕੀਤਾ। ਇਸ ਤੋਂ ਬਾਅਦ ਮੈਨੂੰ ਮੋਹਾਲੀ ਏਅਰਪੋਰਟ ਤੋਂ ਗ੍ਰਿਫਤਾਰ ਕਰ ਲਿਆ ਗਿਆ। ਕਿਸਾਨ ਆਗੂ ਨਵਦੀਪ ਜਲਬੇੜਾ ਨੇ ਦੱਸਿਆ ਕਿ ਕੁਝ ਮੁਲਾਜ਼ਮ ਮੈਨੂੰ ਗ੍ਰਿਫ਼ਤਾਰ ਕਰਨ ਆਏ। ਮੇਰੀ ਗ੍ਰਿਫਤਾਰੀ ਤੋਂ ਬਾਅਦ ਮੈਨੂੰ ਅੰਬਾਲਾ ਲਿਆਂਦਾ ਗਿਆ। ਜਦੋਂ ਮੈਨੂੰ ਅੰਬਾਲਾ ਦੇ ਰਿਮਾਂਡ ਰੂਮ ਵਿੱਚ ਲਿਆਂਦਾ ਗਿਆ ਤਾਂ ਉਕਤ ਕਮਰੇ ਵਿੱਚ ਕਰੀਬ 45 ਮੁਲਾਜ਼ਮ ਮੌਜੂਦ ਸਨ। ਮੇਰੀ ਗ੍ਰਿਫਤਾਰੀ ਤੋਂ ਤੁਰੰਤ ਬਾਅਦ ਮੇਰਾ ਫੋਨ ਜ਼ਬਤ ਕਰ ਲਿਆ ਗਿਆ। ਸਭ ਤੋਂ ਪਹਿਲਾਂ ਉਨ੍ਹਾਂ ਨੇ ਮੈਨੂੰ ਆਪਣੀ ਪੱਗ ਤੇ ਕੱਪੜੇ ਉਤਾਰਨ ਲਈ ਕਿਹਾ। ਨਵਦੀਪ ਜਲਬੇੜਾ ਨੇ ਦੱਸਿਆ ਕਿ ਮੇਰੇ ਸਾਹਮਣੇ ਇੱਕ ਸਰਦਾਰ ਅਫਸਰ ਮੌਜੂਦ ਸੀ, ਜਿਸ ਨੇ ਹੁਕਮ ਦਿੱਤਾ ਕਿ ਮੇਰੇ ਹੱਥ-ਪੈਰ ਬੰਨ੍ਹ ਦਿੱਤੇ ਜਾਣ। ਮੇਰੇ ਹੱਥ-ਪੈਰ ਬੰਨ੍ਹਣ ਤੋਂ ਬਾਅਦ ਉਕਤ ਅਧਿਕਾਰੀਆਂ ਨੇ ਮੈਨੂੰ ਕੁੱਟਣਾ ਸ਼ੁਰੂ ਕਰ ਦਿੱਤਾ। ਇਸ ਤੋਂ ਬਾਅਦ ਪੁਲਿਸ ਨੇ ਮੇਰੇ ਨਾਲ ਬੇਰਹਿਮੀ ਵਾਲਾ ਵਿਵਹਾਰ ਕੀਤਾ। ਉਸ ਨੇ ਮੈਨੂੰ ਕਿਹਾ ਕਿ ਤੁਸੀਂ ਬਹੁਤ ਬੋਲਦੇ ਹੋ, ਅਸੀਂ ਤੁਹਾਨੂੰ ਸਬਕ ਸਿਖਾਵਾਂਗੇ। ਇਸ ਤੋਂ ਬਾਅਦ ਮੇਰਾ ਮੂੰਹ ਪਾਣੀ ਵਿੱਚ ਡੋਬ ਦਿੱਤਾ ਗਿਆ। ਨਵਦੀਪ ਨੇ ਅੱਗੇ ਦੱਸਿਆ ਕਿ ਗ੍ਰਿਫਤਾਰੀ ਤੋਂ ਬਾਅਦ ਮੈਨੂੰ ਅਦਾਲਤ 'ਚ ਪੇਸ਼ ਕਰਕੇ ਰਿਮਾਂਡ 'ਤੇ ਲਿਆ ਗਿਆ। ਅਦਾਲਤ ਨੇ ਦੋ ਦਿਨ ਦਾ ਰਿਮਾਂਡ ਦੇ ਦਿੱਤਾ। ਇਸ ਦੌਰਾਨ ਕੇਂਦਰੀ ਏਜੰਸੀਆਂ NIA ਤੇ CBI ਦੇ ਅਧਿਕਾਰੀ ਵੀ ਪੁੱਛਗਿੱਛ ਲਈ ਆਏ। ਇਸ ਦੌਰਾਨ ਉਨ੍ਹਾਂ ਨੇ ਮੇਰੇ ਕੋਲੋਂ ਪੁੱਛਗਿੱਛ ਵੀ ਕੀਤੀ। ਮੈਨੂੰ ਪੁੱਛਿਆ ਗਿਆ ਕਿ ਪੈਸੇ ਕਿੱਥੋਂ ਆ ਰਹੇ ਹਨ। ਕਿਸਾਨ ਅੰਦੋਲਨ ਲਈ ਫੰਡ ਕਿੱਥੋਂ ਆ ਰਿਹਾ ਹੈ ? ਉਸ ਨੇ ਦੱਸਆ ਕਿ ਮੇਰੇ ਬੈਂਕ ਖਾਤੇ ਸਮੇਤ ਸਾਰੀ ਜਾਣਕਾਰੀ ਮੇਰੇ ਕੋਲੋਂ ਲਈ ਗਈ। ਬੈਂਕ ਖਾਤੇ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਗਈ, ਪਰ ਕੁਝ ਨਹੀਂ ਮਿਲਿਆ। ਮੈਡੀਕਲ ਵੀ ਨਹੀਂ ਕਰਵਾਇਆ ਪਰ ਹਸਤਾਖਰ ਲੈ ਲਏ ਗਏ। ਉਸ ਆਧਾਰ 'ਤੇ ਮੈਡੀਕਲ ਕਰਵਾ ਲੈਂਦੇ ਸੀ। ਸਾਰੇ ਝੂਠੇ ਕੇਸਾਂ ਵਿੱਚ ਨਾ ਤਾਂ ਪੁਲਿਸ ਤੇ ਨਾ ਹੀ ਏਜੰਸੀਆਂ ਨੂੰ ਕੁਝ ਮਿਲਿਆ। ਨਵਦੀਪ ਨੇ ਦੋਸ਼ ਲਾਇਆ ਕਿ ਪੁਲਿਸ ਨੇ ਉਸ ਖ਼ਿਲਾਫ਼ ਕਰੀਬ 16 ਕੇਸ ਦਰਜ ਕੀਤੇ। ਇਨ੍ਹਾਂ ਵਿੱਚੋਂ ਚਾਰ ਕੇਸ ਅਜਿਹੇ ਸਨ ਜਿਨ੍ਹਾਂ ਵਿੱਚ ਕਤਲ ਦੀ ਕੋਸ਼ਿਸ਼ ਦੀਆਂ ਧਾਰਾਵਾਂ ਲਾਈਆਂ ਗਈਆਂ ਤੇ ਕੁਝ ਵਿੱਚ ਦੰਗਿਆਂ ਦੀਆਂ ਧਾਰਾਵਾਂ ਜੋੜੀਆਂ ਗਈਆਂ। ਜਦੋਂ ਸਾਰੇ ਕੇਸਾਂ ਦੀ ਸੁਣਵਾਈ ਸ਼ੁਰੂ ਕੀਤੀ ਤਾਂ ਅਦਾਲਤ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਸਾਰੇ ਕੇਸ ਝੂਠੇ ਬਣਾਏ ਗਏ ਹਨ ਕਿਉਂਕਿ ਸਾਰੇ ਕੇਸ ਇੱਕੋ ਜਿਹੇ ਹਨ। ਨਵਦੀਪ ਨੇ ਕਿਹਾ ਕਿ ਪੁਲਿਸ ਹਰ ਤਰ੍ਹਾਂ ਨਾਲ ਬੇਰਹਿਮੀ ਵਰਤਦੀ ਰਹੀ ਪਰ ਮੈਂ ਆਪਣੇ ਭਾਈਚਾਰੇ ਲਈ ਖੜ੍ਹਾ ਹਾਂ ਤੇ ਖੜ੍ਹਾ ਰਹਾਂਗਾ। ਜਦੋਂ ਮੇਰੇ ਨਾਲ ਜ਼ੁਲਮ ਹੋ ਰਿਹਾ ਸੀ ਤਾਂ ਮੈਂ ਹੋਸ਼ ਵਿੱਚ ਸੀ। ਜਦੋਂ ਦਰਦ ਬਹੁਤ ਵਧ ਗਿਆ ਤਾਂ ਮੈਂ ਵਾਹਿਗੁਰੂ ਦਾ ਨਾਮ ਲੈਂਦਾ ਸੀ। ਨਵਦੀਪ ਜਲਬੇੜਾ ਨੇ ਕਿਹਾ ਕਿ ਮੈਂ 111 ਦਿਨ ਜੇਲ੍ਹ 'ਚ ਰਿਹਾ। ਇਸ ਸਮੇਂ ਦੌਰਾਨ ਮੈਂ ਕਈ ਬਦਲਾਅ ਦੇਖੇ। ਵਾਹਿਗੁਰੂ ਦੀ ਭਗਤੀ ਸਬੰਧੀ ਸਭ ਤੋਂ ਵੱਡਾ ਬਦਲਾਅ ਆਇਆ। ਪਹਿਲਾਂ ਮੈਂ ਗੁਰੂ ਨੂੰ ਹੀ ਮੰਨਦਾ ਸੀ ਪਰ ਜੇਲ੍ਹ ਦੇ ਅੰਦਰ ਮੈਂ ਰੋਜ਼ਾਨਾ ਪਾਠ ਕਰਨ ਲੱਗ ਪਿਆ। ਮੈਂ ਜੇਲ੍ਹ ਵਿੱਚ ਰੋਜ਼ਾਨਾ ਤਿੰਨ ਬਾਣੀਆਂ ਦਾ ਉਚਾਰਨ ਕਰਦਾ ਸੀ। ਜੇਲ੍ਹ ਦੇ ਅੰਦਰ ਗੁਰਦੁਆਰਾ ਸੀ, ਮੈਂ ਉੱਥੇ ਜਾਂਦਾ ਸੀ। ਨਵਦੀਪ ਨੇ ਕਿਹਾ ਕਿ ਮੈਂ ਜੇਲ੍ਹ ਵਿੱਚ ਰੋਜ਼ਾਨਾ ਸ੍ਰੀ ਜਪੁਜੀ ਸਾਹਿਬ, ਸ੍ਰੀ ਚੌਪਈ ਸਾਹਿਬ ਤੇ ਸ੍ਰੀ ਅਨੰਦ ਸਾਹਿਬ ਦਾ ਪਾਠ ਕਰਦਾ ਸੀ। ਜੇਲ੍ਹ ਵਿੱਚ ਮੈਂ ਆਪਣੇ ਭਾਈਚਾਰੇ ਦਾ ਪੂਰਾ ਇਤਿਹਾਸ ਪੜ੍ਹਿਆ। ਜੇਲ੍ਹ ਵਿੱਚ ਬਣੀ ਲਾਇਬ੍ਰੇਰੀ ਦੇ ਅੰਦਰ ਮੈਂ ਉਹ ਸਭ ਕੁਝ ਪੜ੍ਹਿਆ ਜੋ ਸਾਡੇ ਭਾਈਚਾਰੇ ਦੇ ਸ਼ਹੀਦਾਂ ਨੇ ਸਾਡੇ ਲਈ ਕੀਤਾ। ਜੇਲ੍ਹ ਸਾਨੂੰ ਬਹੁਤ ਕੁਝ ਸਿਖਾਉਂਦੀ ਹੈ, ਮੈਂ ਵੀ ਇਹੀ ਕੁਝ ਸਿੱਖਿਆ।




Nankana Sahib Yatra Committe Uk
pakistan gurdwara yatra
6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

# ਦੁਸਹਿਰਾ ਅਤੇ ਅੰਤਿਮ ਅਰਦਾਸ



## ਸਵਰਗਵਾਸੀ ਭਾਈ ਹਰਜੀਤ ਸਿੰਘ ਰੋਡੇ

20ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ ਭਾਈ ਹਰਜੀਤ ਸਿੰਘ (79) ਜੋ ਬੀਤੀ 11 ਜੁਲਾਈ ਨੂੰ ਪ੍ਰਮਾਤਮਾ ਵੱਲੋਂ ਦਿੱਤੀ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਨਮਿੱਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ 20 ਜੁਲਾਈ ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ 'ਸੰਤ ਖਾਲਸਾ' ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਪਿੰਡ ਰੋਡੇ ਜ਼ਿਲ੍ਹਾ ਮੋਗਾ ਵਿਖੇ 12.00 ਵਜੇ ਪਾਏ ਜਾਣਗੇ। ਸ਼ਰਧਾਂਜਲੀ ਸਮਾਗਮ 3.00 ਵਜੇ ਤੱਕ ਚੱਲੇਗਾ। ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ ਸਨਿਮਰ ਬੇਨਤੀ ਹੈ।

ਨੋਟ : ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਸਤਿਗੁਰੂ ਦੇ ਭਾਣੇ ਵਿੱਚ :-**

ਕੈਪਟਨ ਹਰਚਰਨ ਸਿੰਘ ਰੋਡੇ (ਭਰਾਤਾ)
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ (ਭਤੀਜਾ)
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦਾ ਸਮੂਹ ਪਰਿਵਾਰ।
98140-13915, 94633-49265, 62802-85859

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ
ਸਾਡੇ ਸਤਿਕਾਰਯੋਗ ਪਿਤਾ ਜੀ **ਸ. ਹਰਜੀਤ ਸਿੰਘ** (ਸਾਬਕਾ ਸਰਪੰਚ)
(ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਵੱਡੇ ਭਰਾਤਾ)



ਜੋ ਕਿ ਮਿਤੀ 11-7-2024 ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ, ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ

# ਸ੍ਰੀ ਸਹਿਜ ਪਾਠ ਸਾਹਿਬ ਜੀ ਦਾ ਭੋਗ

ਮਿਤੀ 20-7-2024 ਦਿਨ ਸ਼ਨੀਵਾਰ ਨੂੰ 12-30 ਵਜੇ ਦੁਪਹਿਰ
ਗੁਰਦੁਆਰਾ ਸਾਹਿਬ ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਪਿੰਡ ਰੋਡੇ (ਜਿਲ੍ਹਾ ਮੋਗਾ) ਵਿਖੇ ਪਵੇਗਾ
ਸੋ ਆਪ ਜੀ ਨੇ ਹੋ ਰਹੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ।

ਗੁਰੂ ਦੇ ਭਾਣੇ ਅੰਦਿਰ:-

ਕੈਪਟਨ ਹਰਚਰਨ ਸਿੰਘ ਜੀ ਰੋਡੇ (ਭਰਾਤਾ)
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਭਤੀਜਾ)
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਹਿਬ ਸ੍ਰੀ ਅੰਮ੍ਰਿਤਸਰ

**ਸਮੂਹ ਬਾਬਾ ਪਰਿਵਾਰ**

M. 98140-13915, 94633-49265, 62802-85859

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621

ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥

# ਅੰਤਿਮ ਅਰਦਾਸ 'ਤੇ ਸ਼ਰਧਾਂਜਲੀ ਸਮਾਗਮ



ਸਾਡੇ ਸਤਿਕਾਰਯੋਗ ਪਿਤਾ ਜੀ ਦਲ ਖਾਲਸਾ ਦੇ ਬਾਨੀ 'ਤੇ
"ਖਾਲਿਸਤਾਨ ਜਲਾਵਤਨ ਸਿੱਖ ਯੋਧਾ"

## ਭਾਈ ਗਜਿੰਦਰ ਸਿੰਘ ਜੀ

ਆਪਣੀ ਸਵਾਸਾਂ ਦੀ ਪੂੰਜੀ ਪੂਰੀ ਕਰਦਿਆਂ ਹੋਇਆ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਆਰੰਭ

## ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ

**21 ਜੁਲਾਈ 2024, ਸਵੇਰੇ 11:00 ਵਜੇ**

ਰਾਮਗੜ੍ਹੀਆ ਸਿੱਖ ਗੁਰਦੁਆਰਾ, ਵੁੱਡਲੈਂਡ ਐਵਨਿਊ, ਸਲੋਹ SL1 3BU ਵਿਖੇ ਪੈਣਗੇ ਉਪਰੰਤ ਅੰਤਿਮ ਅਰਦਾਸ, ਕੀਰਤਨ ਅਤੇ ਸ਼ਰਧਾਂਜਲੀ ਸਮਾਗਮ ਹੋਵੇਗਾ। ਆਪ ਜੀ ਨੂੰ ਅੰਤਿਮ ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਗੁਰੂ ਦੇ ਭਾਣੇ ਵਿੱਚ**

ਬੀਬਾ ਬਿਕਰਮਜੀਤ ਕੌਰ (ਪੁੱਤਰੀ)
ਸ ਗੁਰਪ੍ਰੀਤ ਸਿੰਘ ( ਜਵਾਈ)

ਸ ਮੰਗਲ ਸਿੰਘ (ਕੁੜਮ)
ਬੀਬੀ ਰਣਜੀਤ ਕੌਰ ( ਕੁੜਮਣੀ)

ਆਵਾਜ਼ਿ ਕੌਮ AWAZE QAUM
International Newspaper & WEB TV

ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ॥

*In loving memory of our beloved father*



# SARDAR GAJINDER SINGH

Founder of Dal Khalsa
Akaal Takhat Honour - Jalawatan Sikh Yodha

**PLEASE JOIN US ON SUNDAY 21ST JULY 2024**

Antim Ardaas & Sehaj Paath Bhog at **11am**
followed by Kirtan, Speeches and Guru Ka Langar

**Ramgharia Sikh Gurdwara Slough**
**Woodland Avenue, SL1 3BU**


Bikramjit Kaur (daughter), Gurpreet Singh (son in law)
Mangal Singh, Ranjit Kaur & Family

**PLEASE WEAR KESRI DUMALLE/CHUNNIS**

ਆਵਾਜ਼ਿ ਕੌਮ AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪਤੀਲੋ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

Enjoy Real Taste of PUNJAB

PURE AND NATURAL 100% VEGETARIAN PURE AND NATURAL

KD

FULLY A.C. HALL

Khehra VAISHNO DHABA

BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਕੌਮੀ ਜਰਨੈਲ ਸਿਮਰਨਜੀਤ ਸਿੰਘ ਮਾਨ ਜੋ ਹਮੇਸ਼ਾਂ ਖ਼ਾਲਸਾਈ ਵਿਚਾਰਧਾਰਾ ਅਤੇ ਖ਼ਾਲਿਸਤਾਨ ਦਾ ਝੰਡਾ ਉੱਚਾ ਚੁੱਕ ਕੇ ਰੱਖਦੇ ਹਨ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

**ਅੰਮ੍ਰਿਤਸਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸਲ ਅਕਾਲੀ ਦਲ ਤਾਂ ਸਰਦਾਰ ਸਿਮਰਨਜੀਤ ਸਿੰਘ ਮਾਨ ਵਾਲਾ ਹੈ ਜਿਸ ਨੇ ਹਮੇਸ਼ਾਂ ਪੰਥਕ ਹਿੱਤਾਂ ਦੀ ਪਹਿਰੇਦਾਰੀ ਤੇ ਕੌਮੀ ਅਜ਼ਾਦੀ ਦੇ ਸੰਘਰਸ਼ ਨੂੰ ਬੁਲੰਦ ਕੀਤਾ ਹੈ। ਦੂਜੇ ਪਾਸੇ ਬਾਦਲਕਿਆਂ ਨੇ ਦਿੱਲੀ ਅਤੇ ਨਾਗਪੁਰ ਦੇ



## ਸ. ਮਾਨ ਬਿਰਧ ਅਵਸਥਾ 'ਚ ਵੀ ਕੌਮੀ ਫ਼ਰਜ਼ ਬਾਖ਼ੂਬੀ ਨਿਭਾ ਰਹੇ ਨੇ

ਪਿਆਦੇ ਬਣ ਕੇ ਹਮੇਸ਼ਾਂ ਪੰਥ ਅਤੇ ਪੰਜਾਬ ਨੂੰ ਕੁੱਟਿਆ ਤੇ ਲੁੱਟਿਆ ਹੈ। ਸਿੱਖਾਂ ਅਤੇ ਪੰਜਾਬੀਆਂ ਨੂੰ ਚਾਹੀਦਾ ਹੈ ਕਿ ਉਹ ਸ. ਸਿਮਰਨਜੀਤ ਸਿੰਘ ਮਾਨ ਵਾਲੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੂੰ ਮਜ਼ਬੂਤ ਕਰਨ ਜਿਸ ਨੇ ਖ਼ਾਲਸਾ ਪੰਥ ਅਤੇ ਦੇਸ ਪੰਜਾਬ ਦਾ ਭਵਿੱਖ ਸ਼ਿੰਗਾਰਨਾ ਤੇ ਸੰਵਾਰਨਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ. ਸਿਮਰਨਜੀਤ ਸਿੰਘ ਮਾਨ ਜੋ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਬਚਨਾਂ ਦੇ ਪਹਿਰੇਦਾਰ ਹਨ ਅਤੇ ਸ਼ਹੀਦਾਂ-ਯੋਧਿਆਂ ਦੇ ਵਾਰਸ ਹਨ। ਇਸ ਕੌਮੀ ਜਰਨੈਲ ਨੂੰ ਮਿਲ ਕੇ ਬੜੀ ਖ਼ੁਸ਼ੀ, ਖੇੜਾ ਤੇ ਸਕੂਨ ਪ੍ਰਾਪਤ ਹੁੰਦਾ ਹੈ। ਸਿੱਖ ਕੌਮ ਨੂੰ ਅਪੀਲ ਹੈ ਕਿ ਜਿਉਂਦੇ-ਜੀਅ ਇਸ ਜਰਨੈਲ ਦੀ ਕਦਰ ਕਰੋ, ਸੰਸਾਰ ਤੋਂ ਤੁਰ ਜਾਣ ਮਗਰੋਂ ਤਾਂ ਸਭ ਨੇ ਸੋਹਿਲੇ ਗਾਉਣੇ ਹਨ। ਅਸੀਂ ਸ. ਸਿਮਰਨਜੀਤ ਸਿੰਘ ਮਾਨ ਦੀ ਚੜ੍ਹਦੀ ਕਲਾ ਅਤੇ ਤੰਦਰੁਸਤੀ ਦੀ ਅਰਦਾਸ ਕਰਦੇ ਹਾਂ। ਸਾਨੂੰ ਅਜਿਹੇ ਜਰਨੈਲਾਂ ਦੀ ਬੇਹੱਦ ਲੋੜ ਹੈ ਜੋ ਸਰਕਾਰਾਂ ਅੱਗੇ ਝੁਕਦੇ, ਲਿਫਦੇ, ਵਿਕਦੇ, ਡਰਦੇ, ਅੱਕਦੇ ਤੇ ਥੱਕਦੇ ਨਹੀਂ ਅਤੇ ਆਪਣੀ ਕੌਮ ਦੇ ਹੱਕਾਂ ਤੇ ਆਜ਼ਾਦੀ ਲਈ ਡਟੇ ਰਹਿੰਦੇ ਹਨ। ਸ. ਸਿਮਰਨਜੀਤ ਸਿੰਘ ਮਾਨ ਬਿਰਧ ਅਵਸਥਾ ਵਿੱਚ ਵੀ ਆਪਣਾ ਕੌਮੀ ਫ਼ਰਜ਼ ਨਿਭਾ ਰਹੇ ਹਨ, ਇਹ ਗੁਰੂ ਸਾਹਿਬ ਅਤੇ ਸ਼ਹੀਦਾਂ ਦੀ ਉਹਨਾਂ ਉੱਤੇ ਬਖ਼ਸ਼ਿਸ਼ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕੌਮੀ ਯੋਧਾ ਭਾਈ ਸੰਦੀਪ ਸਿੰਘ ਦੀਪ ਸਿੱਧੂ ਕਿਹਾ ਕਰਦਾ ਸੀ ਕਿ ਸਾਨੂੰ ਆਪਣੇ ਜਰਨੈਲਾਂ ਅਤੇ ਦੁਸ਼ਮਣਾਂ ਦੀ ਪਹਿਚਾਣ ਹੋਣੀ ਚਾਹੀਦੀ ਹੈ। ਦੀਪ ਸਿੱਧੂ ਨੇ ਵੀ ਖ਼ੁਦ ਆਪਣੀ ਕੌਮ ਦੇ ਜਰਨੈਲ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਪਹਿਚਾਣ ਕਰ ਲਈ ਸੀ ਤੇ ਉਹਨਾਂ ਲਈ ਅਮਰਗੜ੍ਹ ਹਲਕੇ ਵਿੱਚ ਖੁੱਲ੍ਹ ਕੇ ਚੋਣ ਪ੍ਰਚਾਰ ਕੀਤਾ ਸੀ। ਉਹਨਾਂ ਕਿਹਾ ਕਿ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਖਾਲਿਸਤਾਨੀ ਸੰਘਰਸ਼ ਜਾਰੀ ਰੱਖਿਆ ਅਤੇ ਖਾਲਿਸਤਾਨ ਸ਼ਬਦ ਨੂੰ ਡਟ ਕੇ ਪ੍ਰਚਾਰਿਆ। ਉਹਨਾਂ ਦੀ ਇਸ ਦੇਣ ਨੂੰ ਖਾਲਸਾ ਪੰਥ ਹਮੇਸ਼ਾਂ ਯਾਦ ਰੱਖੇਗਾ। ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ ਜੋਂ ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ ਪਿਆਰ ਨਾਲ ਨਿਹੰਗ ਕਿਹਾ ਕਰਦੇ ਸਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕਾਂਗਰਸ ਨੇ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕੀਤਾ, ਸਿੱਖ ਨੌਜਵਾਨੀ ਦੇ ਝੂਠੇ ਪੁਲੀਸ ਮੁਕਾਬਲੇ ਬਣਾਏ। ਬਾਦਲਾਂ ਨੇ ਵੀ ਹਮੇਸ਼ਾ ਪੰਥ ਤੇ ਪੰਜਾਬ ਨਾਲ ਗ਼ੱਦਾਰੀ ਕੀਤੀ, ਇਹਨਾਂ ਦੇ ਰਾਜ 'ਚ ਬਰਗਾੜੀ ਤੇ ਬਹਿਬਲ ਕਾਂਡ ਵਾਪਰੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਤੇ ਸਿੰਘਾਂ ਦੀਆਂ ਸ਼ਹੀਦੀਆਂ ਹੋਈਆਂ, ਸਿਰਸੇ ਵਾਲੇ ਨਾਲ ਯਾਰੀ ਨਿਭਾਈ। ਭਾਜਪਾ ਨੇ ਹਮੇਸ਼ਾਂ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ, ਸਿੱਖੀ ਦਾ ਹਿੰਦੂਕਰਨ ਕਰਨ 'ਚ ਕੋਈ ਕਸਰ ਬਾਕੀ ਨਾ ਛੱਡੀ ਤੇ ਅੱਜ ਵੀ ਵਿਦੇਸ਼ਾਂ ਵਿੱਚ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ ਦਾ ਕਤਲ ਕਰਵਾ ਚੁੱਕੀ ਹੈ। ਆਮ ਆਦਮੀ ਪਾਰਟੀ ਸਿਰਫਿਰਿਆਂ ਦੀ ਪਾਰਟੀ ਹੈ ਜੋ ਦਿੱਲੀ ਤੋਂ ਚੱਲਦੀ ਹੈ, ਇਹਨਾਂ ਨੇ ਸਿੱਖ ਨੌਜਵਾਨਾਂ ਤੇ ਐਨ.ਐਸ.ਏ. ਲਗਾ ਕੇ ਜੁਲਮੀ ਵਤੀਰਾ ਕੀਤਾ ਹੈ। ਦੂਜੇ ਪਾਸੇ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਸਰਦਾਰ ਸਿਮਰਨਜੀਤ ਸਿੰਘ ਮਾਨ ਜੋ ਬਿਖੜੇ ਹਲਾਤਾਂ ਵਿੱਚ ਵੀ ਖਾਲਸਾਈ ਵਿਚਾਰਧਾਰਾ ਅਤੇ ਖਾਲਿਸਤਾਨ ਦਾ ਝੰਡਾ ਉੱਚਾ ਚੁੱਕ ਕੇ ਰੱਖਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖ਼ਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.

www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**




### ਵਣ ਮਹਾਂਉਤਸਵ ਦੇ ਆਯੋਜਨ ਮੌਕੇ

# ਪਿੰਡ ਰਾਮਾਂ ਦੇ ਸਟੇਡੀਅਮ 'ਚ 300 ਬੂਟੇ ਲਗਾਏ

**ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)-** ਜੈ ਬਾਬਾ ਸਰਬੰਗੀ ਸਪੋਰਟਸ ਕਲੱਬ ਪਿੰਡ ਰਾਮਾਂ ਅਤੇ ਨਗਰ ਸੁਧਾਰ ਕਮੇਟੀ ਵਲੋਂ ਸਾਬਕਾ ਨਗਰ ਕੌਂਸਲ ਪ੍ਰਧਾਨ ਸ੍ਰ. ਕੌਰ ਸਿੰਘ ਦੀ ਅਗਵਾਈ ਹੇਠ ਵਣ ਮਹਾਂਉਤਸਵ ਦੇ ਆਯੋਜਨ ਮੌਕੇ ਪਿੰਡ ਦੇ ਸਟੇਡੀਅਮ ਵਿੱਚ 300 ਬੂਟੇ ਲਗਾਏ ਗਏ ਅਤੇ ਬੂਟਿਆਂ ਦੀ ਸੰਭਾਲ ਕਰਨ ਦਾ ਪ੍ਰਣ ਵੀ ਲਿਆ ਗਿਆ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਲੱਬ ਦੇ

ਆਵਾਜ਼ਿ ਕੌਮ AWAZE QAUM
International Newspaper & WEB TV

ਪ੍ਰਧਾਨ ਗੁਰਚੇਤ ਸਿੰਘ ਸਿੱਧੂ ਨੇ ਦੱਸਿਆ ਕਿ ਵਾਤਾਵਰਣ ਨੂੰ ਹਰਾ ਭਰਾ ਬਣਾਉਣ ਲਈ ਅੱਜ ਜੈ ਬਾਬਾ ਸਰਬੰਗੀ ਸਪੋਰਟਸ ਕਲੱਬ ਅਤੇ ਨਗਰ ਸੁਧਾਰ ਕਮੇਟੀ ਵਲੋਂ ਸਾਂਝੇ ਤੌਰ 'ਤੇ ਪਿੰਡ ਦੇ ਅਧੂਰੇ ਸਟੇਡੀਅਮ ਵਿਚ ਜਾਮਣ, ਆਂਵਲਾ, ਅਮਰੂਦ, ਨਿੰਬੂ ਅਤੇ ਨਿੰਮ ਦੇ ਬੂਟੇ ਲਗਾਏ ਗਏ ਹਨ। ਉਹਨਾਂ ਕਿਹਾ ਕਿ ਤੇਜ਼ੀ ਨਾਲ ਵੱਧ ਰਹੀ ਗਰਮੀਂ ਦੇ ਚਲਦਿਆਂ ਵਾਤਾਵਰਨ ਨੂੰ ਬਚਾਉਣ ਲਈ ਅੱਜ ਇਹ ਉਪਰਾਲਾ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਸ ਤੋਂ ਬਾਅਦ ਪਿੰਡ ਦੀਆਂ ਗਲੀਆਂ ਅਤੇ ਸ਼ਮਸ਼ਾਨ ਘਾਟ ਵਿਚ ਵੀ ਛਾਂਦਾਰ ਅਤੇ ਫੁੱਲਦਾਰ ਬੂਟੇ ਲਗਾਏ ਜਾਣਗੇ। ਇਸ ਦੌਰਾਨ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕੌਰ ਸਿੰਘ ਸਿੱਧੂ ਨੇ ਕਿਹਾ ਕਿ ਦਰੱਖਤ ਇਨਸਾਨ ਹੀ ਨਹੀਂ ਪੰਛੀਆਂ ਅਤੇ ਜਾਨਵਰਾਂ ਲਈ ਵੀ ਸਭ ਤੋਂ ਵੱਧ ਜਰੂਰੀ ਹੈ। ਦਰੱਖਤਾਂ ਦੀ ਘਾਟ ਕਾਰਨ ਅੱਜ ਹਰ ਵਿਅਕਤੀ ਭਿਆਨਕ ਗਰਮੀ ਅਤੇ ਬਿਮਾਰੀਆਂ ਨਾਲ ਜੂਝ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਕੌਰ ਸਿੰਘ ਸਿੱਧੂ, ਗੁਰਚੇਤ ਸਿੰਘ ਸਿੱਧੂ, ਵਿੱਕੀ ਠੇਕੇਦਾਰ, ਸਾਬਕਾ ਏ.ਐਸ.ਆਈ ਸੱਤਪਾਲ ਸ਼ਰਮਾ, ਲੱਖਾ ਰਾਮ ਸ਼ਰਮਾ, ਰੋਣੀ ਟੇਲਰ, ਜਗਦੀਪ ਸਿੰਘ ਸਿੱਧੂ, ਜਲੌਰ ਸਿੰਘ ਅਤੇ ਮਨਵੀਰ ਸਿੰਘ ਗਿੱਲ ਆਦਿ ਨੇ ਇੱਕ-ਇੱਕ ਬੂਟਾ ਲਗਾਇਆ। ਇਸ ਸਮੇਂ ਪਿੰਡ ਵਾਸੀ ਵੀ ਹਾਜ਼ਰ ਰਹੇ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮੀਰੀ ਪੀਰੀ ਦਿਵਸ




**ਮੀਰੀ ਪੀਰੀ ਦਿਵਸਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਸ਼ਹੀਦੀ ਦਿਵਸ਼ ਸ਼ਹੀਦ ਭਾਈ ਤਾਰੂ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 20 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ ।**

ਐਤਵਾਰ 21 ਜੁਲਾਈ 2024 ਨੂੰ 6:30 ਵਜੇ ਸਵੇਰੇ ਚੋਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਭਾਈ ਗੁਰਮੁੱਖ ਸਿੰਘ ਜੋਹਲ ਇਟਲੀ ਵਾਲੇ ਵਾਰਾਂ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

- ਛਬੀਲ ਵੀ ਲੱਗੇਗੀ
- ਗੁਰੂ ਕਾ ਲੰਗਰ ਅਤੁੱਟ ਵਰਤੇਗਾ


ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ, ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ੴ ਸਤਿਗੁਰ ਪ੍ਰਸਾਦਿ ॥

# ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥


## ਸਚੀ ਦਰਗਹ ਜਾਇ ਸਚਾ ਪਿੜ ਮਲਿਆ




ਗੁਰੂ ਪਿਆਰੀ ਸਾਧ ਸੰਗਤ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਸਿੱਖ ਕੌਮ ਦੀ ਆਜ਼ਾਦੀ ਦੇ ਪਰਵਾਨੇ,ਕਲਮ ਦੇ ਧਨੀ,ਪੰਜ ਦਹਾਕਕਿਆਂ ਤੋਂ ਵੱਧ ਆਖਰੀ ਦਮ ਤਕ ਜੁਝਣ ਵਾਲੇ ਯੋਧੇ ਭਾ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਵਾਰਾ ਸਾਹਿਬ ਵਿਖੇ ਸਮਾਗਮ ਸਜਾਏ ਜਾ ਰਹੇ ਹਨ ਜੀ,ਆਓ ਸਾਰੇ ਮਿਲ ਕੇ ਆਪਣੀਆਂ ਹਾਜਰੀਆਂ ਲਵਾ ਕੇ ਭਾ ਸਾਹਬ ਦੀ ਕੁਰਬਾਨੀ ਨੂੰ ਸ਼ਰਧਾ ਦੇ ਫੁੱਲ ਅਰਪਣ ਕਰੀਐ

ਸਮਾਗਮ ਦਾ ਵੇਰਵਾ:
ਐਤਵਾਰ:07.07.24 -11.30-12.00 ਅਰੰਭਤਾ ਸ੍ਰੀ ਸਹਿਜ ਪਾਠ ਸਾਹਿਬ ਜੀ।
12.00-13.15: ਸ਼ਬਦ ਕੀਰਤਨ ਗੁਰਮਤਿ ਵਿਚਾਰਾਂ ਭਾ ਰਿਸ਼ੀਪਾਲ ਸਿੰਘ ਜੀ।
ਐਤਵਾਰ:21.07.24 -10.45-11.15 ਸਮਾਪਤੀ ਸ੍ਰੀ ਸਹਿਜ ਪਾਠ ਸਾਹਿਬ ਜੀ, ਵੱਡੇ ਸਮਾਗਮ ਵਿੱਚ ਸ਼ਬਦ ਕੀਰਤਨ ਉਪਰੰਤ ਯੌਰਪ ਤੋਂ ਆਏ ਸਾਰੇ ਮਿਲ ਕੇ ਭਾ ਸਾਹਬ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਨਗੇ।
13.15 ਉਪਰੰਤ ਅਰਦਾਸ ਸਮਾਪਤੀ ।




ੴ ਸਤਿਗੁਰ ਪ੍ਰਸਾਦਿ ॥

ਸੇਵਕ ਕੀ ਓੜਕਿ ਨਿਬਹੀ ਪ੍ਰੀਤਿ ॥

ਸੱਚੀ ਦਰਗਹਿ ਜਾਇ ਸੱਚਾ ਪਿੜ ਮਲਿਆ




ਗੁਰੂ ਪਿਆਰੀ ਸਾਧ ਸੰਗਤ ਜੀਓ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ


ਸਿੱਖ ਕੌਮ ਦੀ ਆਜ਼ਾਦੀ ਦੇ ਪਰਵਾਨੇ,ਕਲਮ ਦੇ ਧਨੀ,ਪੰਜ ਦਹਾਕਕਿਆਂ ਤੋਂ ਵੱਧ ਆਖਰੀ ਦਮ ਤਕ ਜੁਝਣ ਵਾਲੇ ਯੋਧੇ ਭਾ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ ਗੁਰਦੁਵਾਰਾ ਸਾਹਿਬ ਵਿਖੇ ਸਮਾਗਮ ਸਜਾਏ ਜਾ ਰਹੇ ਹਨ ਜੀ,ਆਓ ਸਾਰੇ ਮਿਲ ਕੇ ਆਪਣੀਆਂ ਹਾਜਰੀਆਂ ਲਵਾ ਕੇ ਭਾ ਸਾਹਬ ਦੀ ਕੁਰਬਾਨੀ ਨੂੰ ਸ਼ਰਧਾ ਦੇ ਫੁੱਲ ਅਰਪਣ ਕਰੀਐ

ਸਮਾਗਮ ਦਾ ਵੇਰਵਾ:
ਐਤਵਾਰ:07.07.24 -11.30-12.00 ਅਰੰਭਤਾ ਸ੍ਰੀ ਸਹਿਜ ਪਾਠ ਸਾਹਿਬ ਜੀ।
12.00-13.15: ਸ਼ਬਦ ਕੀਰਤਨ ਗੁਰਮਤਿ ਵਿਚਾਰਾਂ ਭਾ ਰਿਸ਼ੀਪਾਲ ਸਿੰਘ ਜੀ।
ਐਤਵਾਰ:21.07.24 -10.45-11.15 ਸਮਾਪਤੀ ਸ੍ਰੀ ਸਹਿਜ ਪਾਠ ਸਾਹਿਬ ਜੀ, ਵੱਡੇ ਸਮਾਗਮ ਵਿੱਚ ਸ਼ਬਦ ਕੀਰਤਨ ਉਪਰੰਤ ਯੌਰਪ ਤੋਂ ਆਏ ਸਾਰੇ ਮਿਲ ਕੇ ਭਾ ਸਾਹਬ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਨਗੇ।
13.15 ਉਪਰੰਤ ਅਰਦਾਸ ਸਮਾਪਤੀ ।

## ਗੁਰੂ ਨਾਨਕ ਜਹਾਜ਼ ਦੀ 110 ਸਾਲਾ ਮੌਜੂਦਗੀ ’ਤੇ

# 21 ਜੁਲਾਈ ਨੂੰ ਵੈਨਕੂਵਰ ’ਚ ਕਾਮਾਗਾਟਾਮਾਰੂ ਮੈਮੋਰੀਅਲ ਸਮਾਰਕ ’ਤੇ ਸਮਾਗਮ : ਡਾ. ਗੁਰਵਿੰਦਰ ਸਿੰਘ




ਗੁਰੂ ਨਾਨਕ ਜਹਾਜ਼’ ਦਾ ਸਫ਼ਰ ਬਸਤੀਵਾਦ ਅਤੇ ਨਸਲਵਾਦ ਦਾ, ਚੜ੍ਹਦੀ ਕਲਾ ਅਤੇ ਭਾਈਚਾਰਕ ਸਾਂਝ ਨਾਲ ਮੁਕਾਬਲਾ ਕਰਨ ਵਾਲੇ ਮੁਸਾਫਿਰਾਂ ਦੀ, ਨਿੱਡਰ ਅਤੇ ਸੁਤੰਤਰ ਹਸਤੀ ਦਾ ਦੁਰਲੱਭ ਇਤਿਹਾਸ ਹੈ। ਗੁਰੂ ਨਾਨਕ ਜਹਾਜ਼ ਸੰਘਰਸ਼ ਅਤੇ ਮਨੁੱਖੀ ਹੱਕਾਂ ਲਈ ਘੋਲ ਦਾ ਸ਼ਾਨਦਾਰ ਇਤਿਹਾਸ ਹੈ। ਗੁਰੂ ਨਾਨਕ ਜਹਾਜ਼ ਦੇ ਚੜ੍ਹਦੀ’ ਕਲਾ ਦੇ ਸਫ਼ਰ ਦੇ 110ਵੇਂ ਸਾਲ ’ਤੇ, ਕੈਨੇਡਾ ਦੀ ਧਰਤੀ ’ਤੇ ਵੈਨਕੂਵਰ ਦੇ ਸਮੁੰਦਰੀ ਤੱਟ ’ਤੇ 1199 ਵੈਸਟ ਕਾਰਡੋਵਾ ਸਟਰੀਟ, ਕਾਮਾਗਾਟਾਮਾਰੂ ਮੈਮੋਰੀਅਲ ਸਮਾਰਕ ਉੱਪਰ 21 ਜੁਲਾਈ ਦਿਨ ਐਤਵਾਰ ਨੂੰ ਦੁਪਹਿਰ 2 ਵਜੇ ਤੋਂ ਪੰਜ ਵਜੇ ਤੱਕ ਇਹ ਪ੍ਰੋਗਰਾਮ ਕੀਤਾ ਜਾ ਰਿਹਾ ਹੈ।ਇਸ ਵਰੇ-ਗੰਢ ’ਤੇ ਸਮਾਗਮ ਸਬੰਧੀ ਪੋਸਟਰ ਮੀਡੀਆ ਨਾਲ ਸੰਬੰਧਤ ਸ਼ਖਸ਼ੀਅਤਾਂ ਵੱਲੋਂ ਜਰਨੈਲ ਆਰਟਸ ਅਤੇ ਗੁਰਮੀਤ ਆਰਟਸ ਅਕੈਡਮੀ ਸਰੀ ਵਿਖੇ ਰਿਲੀਜ਼ ਕੀਤਾ ਗਿਆ, ਜਿਨਾਂ ਵਿੱਚ ਗੁਰਪ੍ਰੀਤ ਸਿੰਘ ਸਹੋਤਾ (ਚੜਦੀ ਕਲਾ ਨਿਊਜ਼ ਗਰੁੱਪ ਅਤੇ ਚੈਨਲ ਪੰਜਾਬੀ), ਜਰਨੈਲ ਸਿੰਘ ਚਿੱਤਰਕਾਰ (ਪੰਜਾਬੀ ਟ੍ਰਿਬਿਊਨ), ਡਾ. ਪੂਰਨ ਸਿੰਘ ਗਿੱਲ (ਪੰਜਾਬ ਟਾਈਮਜ਼), ਹਰਕੀਰਤ ਸਿੰਘ ਕੁਲਾਰ (ਪੰਜਾਬ ਗਾਰਡੀਅਨ), ਬਲਦੇਵ ਸਿੰਘ ਮਾਨ (ਰੈਡ ਐਫ ਐਮ), ਪ੍ਰੋ. ਗੁਰਬਾਜ ਸਿੰਘ ਬਰਾੜ (ਸ਼ੇਰੇ ਪੰਜਾਬ ਰੇਡੀਓ, 1550 ਏਐਮ), ਸਰਬਰਾਜ ਸਿੰਘ ਕਾਹਲੋ ਅਤੇ ਲਵਿੰਦਰ ਕੌਰ ਲਵੀ ਪੰਨੂ (ਰੇਡੀਓ ਪੰਜਾਬ 1600 ਏਐਮ), ਕੁਲਦੀਪ ਸਿੰਘ (ਸਾਂਝਾ ਟੀਵੀ),

ਆਵਾਜ਼ਿ ਕੌਮ
AWAZE QAUM
International Newspaper & WEB TV

ਟੈਲੀਵਿਜ਼ਨ ਸ਼ਖਸੀਅਤ ਜੈਸ, ਕੰਵਲਜੀਤ ਸਿੰਘ ਲੱਕੀ ਰੰਧਾਵਾ (ਜਨਰਲ ਪੰਜਾਬੀ) ਤੇ ਅਮਰਪਾਲ ਸਿੰਘ ਕੈਨੇਡੀਅਨ ਪੰਜਾਬ ਟਾਈਮਜ਼ ਤੇ ਪੰਜਾਬੀ ਟ੍ਰਿਬਿਊਨ ਸ਼ਾਮਿਲ ਹੋਏ। ਗੁਰੂ ਨਾਨਕ ਜਹਾਜ਼ ਹੈਰੀਟੇਜ ਪ੍ਰੋਜੈਕਟ ਆਰਕਾਈਵਜ਼, ਵਣਜਾਰਾ ਨੋਮੈਡ ਕੁਲੈਕਸ਼ਨਜ਼, ਗਦਰ ਮੈਮੋਰੀਅਲ ਸੁਸਾਇਟੀ ਆਫ ਕੈਨੇਡਾ ਸਣੇ ਵੱਖ ਵੱਖ ਸੰਸਥਾਵਾਂ ਵੱਲੋਂ ਸਾਂਝੇ ਤੌਰ ’ਤੇ ਬੀਸੀ ਖਾਲਸਾ ਦਰਬਾਰ, ਵੈਨਕੂਵਰ ਬੋਰਡ ਆਫ ਪਾਰਕ ਐਂਡ ਰੀਕ੍ਰੀਏਸ਼ਨ ਤੇ ਵੈਨਕੂਵਰ ਸਿਟੀ ਆਦਿ ਦੇ ਸਹਿਯੋਗ ਸਲਾਨਾ ਸਮਾਗਮ ਕੀਤਾ ਜਾ ਰਿਹਾ ਹੈ, ਜਿੱਥੇ ਗੁਰੂ ਨਾਨਕ ਜਹਾਜ਼ ਸਬੰਧੀ ਦੋ ਪੁਸਤਕਾਂ ਰਿਲੀਜ਼ ਕੀਤੀਆਂ ਜਾਣਗੀਆਂ।

ਵੀਹਵੀਂ ਸਦੀ ਦੇ ਆਰੰਭ ਵਿੱਚ ਕੈਨੇਡਾ ਦੀ ਧਰਤੀ ’ਤੇ ਨਸਲਵਾਦੀ ਸਰਕਾਰ ਦਾ ਰਾਜ ਸੀ, ਜਿਸ ਨੇ 1907 ਵਿੱਚ ਪਹਿਲਾਂ ਭਾਰਤੀਆਂ ਤੋਂ ਵੋਟ ਦਾ ਹੱਕ ਖੋਹਿਆ ਤੇ ਉਸ ਤੋਂ ਬਾਅਦ ਕੈਨੇਡਾ ਆਉਣ ਲਈ ਪ੍ਰਵਾਸੀਆਂ ਉੱਪਰ ਆਪਣੇ ਮੁਲਕ ਤੋਂ ਸਿੱਧੇ ਸਫ਼ਰ ਦੀ ਸ਼ਰਤ ਲਾ ਦਿੱਤੀ। ਸਿੱਧੇ ਸਫਰ ਰਾਹੀਂ ਕੈਨੇਡਾ ਦਾਖਲ ਹੋਣ ਤੋਂ ਰੋਕਣ ਦੇ ਕਾਲੇ ਕਾਨੂੰਨ ਨੂੰ ਪ੍ਰਭਾਵਹੀਣ ਕਰਨ ਲਈ, ਕੈਨੇਡਾ ਦੇ ਮੋਢੀ ਸਿੱਖਾਂ ਵਿੱਚੋਂ ਪ੍ਰਮੁਖ ਸ਼ਹੀਦ ਭਾਈ ਬਲਵੰਤ ਸਿੰਘ ਖੁਰਦਪੁਰ, ਮੁੱਖ ਗ੍ਰੰਥੀ ਖਾਲਸਾ ਦੀਵਾਨ ਸੁਸਾਇਟੀ ਵੈਨਕੂਵਰ ਦੀ ਸਲਾਹ ’ਤੇ, ਸਾਂਝੇ ਪੰਜਾਬ ਦੇ ਨਾਮਵਰ ਸਿੱਖ ਆਗੂ ਅਤੇ ਕਾਰੋਬਾਰੀ ਬਾਬਾ ਗੁਰਦਿੱਤ ਸਿੰਘ ਸਰਹਾਲੀ ਨੇ ਦੂਰ-ਅੰਦੇਸ਼ੀ ਨਾਲ ਵਿਉਂਤ ਸੋਚੀ। ਕੈਨੇਡਾ ਸਰਕਾਰ ਦੇ ’ਨਸਲੀ ਵਿਤਕਰੇ ਵਾਲੇ ਕਾਨੂੰਨ’ ਨੂੰ ਚੁਣੌਤੀ ਦੇਣ ਲਈ ਜਨਵਰੀ 1914 ਵਿੱਚ ਬਾਬਾ ਜੀ ਵੱਲੋਂ ਕਲਕੱਤੇ ਜਾ ਕੇ ’ਗੁਰੂ ਨਾਨਕ ਸਟੀਮਸ਼ਿਪ ਕੰਪਨੀ’ ਕਾਇਮ ਕੀਤੀ ਗਈ, ਜਿਸ ਅਧੀਨ ’ਗੁਰੂ ਨਾਨਕ ਸਾਹਿਬ’ ਦੇ ਨਾਂ ’ਤੇ ਜਹਾਜ਼, ਕਿਰਾਏ ’ਤੇ ਲੈਣ ਦਾ ਫੈਸਲਾ ਕੀਤਾ ਗਿਆ।

ਇਸ ਉਦੇਸ਼ ਦੀ ਪੂਰਤੀ ਲਈ ਕਾਮਾਗਾਟਾਮਾਰੂ ਨਾਂ ਦਾ ਸਮੁੰਦਰੀ ਬੇੜਾ, ਗੁਰੂ ਨਾਨਕ ਸਟੀਮਸ਼ਿਪ ਕੰਪਨੀ ਨੇ 11 ਹਜ਼ਾਰ ਡਾਲਰ ਪ੍ਰਤੀ ਮਹੀਨੇ ਦੇ ਹਿਸਾਬ, ਨਾਲ ਛੇ ਮਹੀਨੇ ਲਈ 66 ਹਜ਼ਾਰ ਡਾਲਰ ’ਤੇ, 19 ਮਾਰਚ 1914 ਨੂੰ ਜਪਾਨੀ ਕੰਪਨੀ ਤੋਂ” ਕਿਰਾਏ ’ਤੇ ਲਿਆ। ਇਹ ਜਹਾਜ਼ ਕੋਲਾ ਢੋਣ ਵਾਲਾ ਸੀ ਤੇ ਯਾਤਰੂ ਜਹਾਜ਼ ਦੇ ਰੂਪ ਵਿੱਚ ਬਦਲਣ ਲਈ ਬਾਬਾ ਗੁਰਦਿੱਤ ਸਿੰਘ ਨੇ ਅੰਦਰੋਂ ਕਾਫੀ ਤਬਦੀਲੀ ਕੀਤੀ ਅਤੇ 2500 ਡਾਲਰ ਖਰਚੇ ਤੇ ਬੈਠਣ ਲਈ ਬੈਂਚ ਆਦਿ ਦਾ ਪ੍ਰਬੰਧ ਕੀਤਾ। ਭਾਰੀ ਖਰਚਾ ਕਰਕੇ ਜਹਾਜ਼ ਦੀ ਮੁਰੰਮਤ ਕਰਵਾਉਂਦਿਆਂ, ਪੂਰੀ ਤਿਆਰੀ ਨਾਲ ਗੁਰੂ ਨਾਨਕ ਜਹਾਜ਼ ਮੁਸਾਫਿਰ ਲਿਜਾਣ ਦੇ ਯੋਗ ਬਣਾਇਆ ਗਿਆ। ਹਾਂਗਕਾਂਗ ਗੁਰਦੁਆਰਾ ਸਾਹਿਬ ਵਿਖੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਅਖੰਡ ਪਾਠ ਕਰਵਾਏ ਗਏ ਅਤੇ ਸਮੁੰਦਰੀ ਜਹਾਜ਼ ਕਾਮਾਗਾਟਾਮਾਰੂ ਦਾ ਨਵਾਂ ਨਾਮਕਰਨ ’ਸ੍ਰੀ ਗੁਰੂ ਨਾਨਕ ਜਹਾਜ਼’ ਕੀਤਾ ਗਿਆ। ਗੁਰੂ ਨਾਨਕ ਜਹਾਜ਼ ਦੀਆਂ ਟਿਕਟਾਂ ’ਸ੍ਰੀ ਗੁਰੂ ਨਾਨਕ ਸਟੀਮਰ ਕੰਪਨੀ’ ਵੱਜੋ ਪ੍ਰਕਾਸ਼ਿਤ ਹੋਈਆਂ। ਗੁਰੂ ਨਾਨਕ ਜਹਾਜ਼ ਵਿੱਚ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕੀਤਾ ਗਿਆ, ਜਿੱਥੇ ਦੀਵਾਨ ਜੁੜਦੇ, ਢਾਡੀ ਵਾਰਾਂ ਗਾਉਂਦੇ। ਗੁਰੂ ਨਾਨਕ ਜਹਾਜ਼ ਦੇ ਸਫ਼ਰ ਦੌਰਾਨ ਪੰਜ ਅਖੰਡ ਪਾਠ ਅਤੇ ਦੋ ਸਹਿਜ ਪਾਠ ਸੰਪੂਰਨ ਕੀਤੇ ਗਏ। ਜਹਾਜ ਵਿੱਚ ਨਿਸ਼ਾਨ ਸਾਹਿਬ ਝੁੱਲਦਾ ਸੀ ਕਿਉਂਕਿ ਸਾਂਝੇ ਪੰਜਾਬ ਦੇ ਸਭ ਯਾਤਰੂ ਮੰਨਦੇ ਸਨ ਕਿ ’ਗੁਰੂ ਨਾਨਕ’ ਨਾਂ ਦੇ ਅਧੀਨ ਹੀ ਸਭ ਨੂੰ ’ਸਾਂਝੀ ਗੋਦ’ ਵਿੱਚ ਲਿਆ ਜਾ ਸਕਦਾ ਸੀ। ਗੁਰੂ ਨਾਨਕ ਸ਼ਬਦ ਰੂਹਾਨੀ ਸਾਂਝ, ਮਨੁੱਖੀ ਪ੍ਰੇਮ, ਜਾਬਰ ਹਕੂਮਤਾਂ ਦਾ ਵਿਰੋਧ ਤੇ ਨਸਲਵਾਦੀ ਵਿਤਕਰੇ ਦੇ ਅੰਤ ਦਾ ਮਹਾਨ ਸਿਧਾਂਤ ਹੈ। ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਵਿੱਚ 341ਸਿੱਖ ਸਨ। ਉਹਨਾਂ ਤੋਂ ਇਲਾਵਾ 24 ਮੁਸਲਮਾਨ ਤੇ 12 ਹਿੰਦੂ ਮੁਸਾਫਿਰ ਵੀ ਆਪੋ-ਆਪਣੇ ਧਾਰਮਿਕ ਅਕੀਦੇ ਅਨੁਸਾਰ ਨਮਾਜ਼ ਅਤੇ ਪੂਜਾ-ਪਾਠ ਕਰਦੇ ਹੋਏ, ਗੁਰੂ ਨਾਨਕ ਜਹਾਜ਼ ’ਤੇ ਸਵਾਰ ਹੋ ਕੇ 22 ਮਈ ਨੂੰ (ਪੰਜਾਬ ਵਿੱਚ 23 ਮਈ) ਵੈਨਕੂਵਰ ਪਹੁੰਚੇ। ਉਸ ਸਮੇਂ ਦੇ ’ਸਾਂਝਾ ਪੰਜਾਬ’, ਜੋ ਕਿ ਅੱਜ ਕੱਲ ਭਾਰਤ ਅਤੇ ਪਾਕਿਸਤਾਨ ਵਿੱਚ ਵੰਡਿਆ ਹੋਇਆ ਹੈ, ਦੇ ਵਸਨੀਕ ਗੁਰੂ ਨਾਨਕ ਜਹਾਜ਼ ਦੇ ਮੁਸਾਫਿਰ ਸਨ।

ਨਿਰੰਤਰ ਸਿੱਧੇ ਸਫਰ ਰਾਹੀਂ ਆਉਣ ਅਤੇ ਬ੍ਰਿਟਿਸ਼ ਪਰਜਾ ਹੋਣ ਦੇ ਬਾਵਜੂਦ ਗੁਰੂ ਨਾਨਕ ਜਹਾਜ਼ ਦੇ ਮੁਸਾਫਰਾਂ ਨੂੰ ਭੇਦ-ਭਾਵ ਅਤੇ ਨਸਲਵਾਦੀ ਕਾਨੂੰਨਾਂ ਦੇ ਅਧਾਰ ’ਤੇ, ਕੈਨੇਡਾ ਵਿੱਚ ਦਾਖਲ ਹੋਣ ਤੋਂ ਇਨਕਾਰ ਕਰ ਦਿੱਤਾ ਗਿਆ। ਯਾਤਰੀਆਂ ਨੂੰ ਡਾਕਟਰੀ ਸਹਾਇਤਾ, ਭੋਜਨ ਅਤੇ ਪਾਣੀ ਦੀ ਲੋੜੀਂਦੀ ਪਹੁੰਚ ਤੋਂ ਬਿਨਾਂ ਹੀ ਜਹਾਜ਼ ਦੇ ਬੋਰਡ ’ਤੇ ਰਹਿਣ ਲਈ ਮਜਬੂਰ ਕੀਤਾ ਗਿਆ। ਕਾਨੂੰਨੀ ਪੱਖੋਂ ਸਹੀ ਯਾਤਰਾ ਦਸਤਾਵੇਜ਼ ਰੱਖਣ ਅਤੇ ਭੇਦ-ਭਾਵ ਵਾਲੇ ਦੋ ਸੌ ਡਾਲਰ ਹੈੱਡ ਟੈਕਸ ਦੀ ਵਧੀਕੀ ਦੀ ਪਾਲਣਾ ਕਰਨ ਦੇ ਬਾਵਜੂਦ, ਮੁਸਾਫਿਰਾਂ ਦੇ ਕੈਨੇਡਾ ’ਚ ਦਾਖਲੇ ’ਤੇ ਰੋਕ ਲਗਾ ਦਿੱਤੀ ਗਈ। ਖਾਲਸਾ ਦੀਵਾਨ ਸੁਸਾਇਟੀ ਵੈਨਕੂਵਰ ਦੀ ਅਗਵਾਈ ਵਿੱਚ ਸੰਗਤਾਂ ਨੇ ਕਾਨੂੰਨੀ ਲੜਾਈ ਲੜਨ ਅਤੇ ਜਹਾਜ਼ ਦੀ ਕਿਸ਼ਤ ਅਦਾ ਕਰਨ ਲਈ ਭਾਰੀ ਆਰਥਿਕ ਇਮਦਾਦ ਕੀਤੀ। ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਨੂੰ ਕੈਨੇਡਾ ਤੋਂ ਜਬਰੀ ਵਾਪਸ ਮੋੜਨ ਦੇ ਹੁਕਮ ਨੂੰ ਕਾਨੂੰਨੀ ਚੁਣੌਤੀ, ਵਕੀਲ ਜੋਸੇਫ ਐਡਵਰਡ ਬਰਡ ਨੇ ਦਿੱਤੀ, ਪਰ ਧੱਕੇਸ਼ਾਹੀ ਅਤੇ ਵਿਤਕਰੇ ਦੀ ਨੀਤੀ ਕਾਰਨ ਉਹ ਅਸਫਲ ਰਿਹਾ। 22 ਜੁਲਾਈ ਨੂੰ (ਪੰਜਾਬ ਵਿੱਚ 23 ਜੁਲਾਈ) ਗੁਰੂ ਨਾਨਕ ਜਹਾਜ਼ ਕੈਨੇਡੀਅਨ ਫੌਜ ਅਤੇ ਹਕੂਮਤ ਵੱਲੋਂ ਕੈਨੇਡੀਅਨ ਪਾਣੀਆਂ ’ਚੋਂ ਬਾਹਰ ਕੱਢ ਦਿੱਤਾ ਗਿਆ। 29 ਸਤੰਬਰ 1914 ਨੂੰ ਕਲਕੱਤੇ ਦੀ ਬਜ ਬਜ ਘਾਟ ’ਤੇ ਪਹੁੰਚਣ ਉੱਪਰ ਬ੍ਰਿਟਿਸ਼ ਇੰਡੀਅਨ ਸਰਕਾਰ ਵੱਲੋਂ ਗੁਰੂ ਨਾਨਕ ਜਹਾਜ਼ ’ਤੇ ਸਵਾਰ ਲੋਕਾਂ ਨੂੰ, ਸਰਕਾਰ ਵਿਰੋਧੀ ਕਰਾਰ ਦੇ ਕੇ ਗ੍ਰਿਫਤਾਰ ਕਰਨ ਦਾ ਹੁਕਮ ਦਿੱਤਾ ਗਿਆ। ਇਸ ਦੌਰਾਨ ਜਹਾਜ਼ ਦੇ ਮੁਸਾਫਿਰ ਗ੍ਰਿਫਤਾਰੀ ਅਤੇ ਪੰਜਾਬ ਵਾਪਸੀ ਤੋਂ ਪਹਿਲਾਂ, ਗੁਰੂ ਗ੍ਰੰਥ ਸਾਹਿਬ ਦਾ ਸਰੂਪ ਕਲਕੱਤੇ ਦੇ ਗੁਰਦੁਆਰਾ ਸਾਹਿਬ ਵਿਖੇ ਸੁਸ਼ੋਭਿਤ ਕਰਨਾ ਚਾਹੁੰਦੇ ਸਨ, ਪਰ ਇਸ ਦਾ ਵਿਰੋਧ ਕਰਦਿਆਂ ਹੋਇਆਂ, ਬ੍ਰਿਟਿਸ਼ ਸਰਕਾਰ ਵੱਲੋਂ ਉਹਨਾਂ ਉੱਪਰ ਗੋਲੀਆਂ ਚਲਾਈਆਂ ਗਈਆਂ। ਇਸ ਦੁਖਦਾਈ ਘਟਨਾ ਦੀ ਅਗਵਾਈ ਬ੍ਰਿਟਿਸ਼ ਭਾਰਤੀ ਫੌਜਾਂ ਦੁਆਰਾ ਕੀਤੀ ਗਈ, ਜਿਸ ਦੇ ਨਤੀਜੇ ਵਜੋਂ 19 ਯਾਤਰੀ ਸ਼ਹੀਦ ਹੋ ਗਏ, ਬਹੁਤ ਸਾਰੇ ਜ਼ਖਮੀ ਹੋਏ ਅਤੇ ਬਹੁਤ ਸਾਰੇ ਹੋਰ ਕੈਦ ਹੋ ਗਏ।

ਗੁਰੂ ਨਾਨਕ ਜਹਾਜ਼ ਦੀ ਇਹ ਦਰਦ ਭਰੀ ਦਾਸਤਾਨ ਬਾਬਾ ਗੁਰਦਿੱਤ ਸਿੰਘ ਜੀ ਨੇ ਆਪਣੇ ਹੱਥੀਂ ਲਿਖੀ ਹੈ। ਗੁਰੂ ਨਾਨਕ ਜਹਾਜ਼ ਨੂੰ ਕੈਨੇਡਾ ਤੋਂ ਜਬਰੀ ਵਾਪਸ ਮੋੜਨ ਅਤੇ ਮਗਰੋਂ ਬਜਬਜ ਘਾਟ ਦਾ ਸ਼ਹੀਦੀ ਸਾਕਾ ਜ਼ਾਲਮ ਅਤੇ ਨਸਲਵਾਦੀ ਸਰਕਾਰਾਂ ਵੱਲੋਂ ਵਰਤਾਏ ਖ਼ੂਨੀ ਸਾਕੇ ਦਾ ਦਿਲ-ਕੰਬਾਊ ਅਧਿਆਇ ਸੀ। ਸੁਖਾਂਤਕ ਇਤਿਹਾਸਿਕ ਪਹਿਲੂ ਇਹ ਹੈ ਕਿ 23 ਮਈ 2008 ਨੂੰ ਬ੍ਰਿਟਿਸ਼ ਕਲੰਬੀਆ ਵਿਧਾਨ ਸਭਾ ਵਿੱਚ ਇਸ ਦੁਖਾਂਤ ਦੀ ਮੁਆਫੀ ਮੰਗੀ ਗਈ, ਜਦਕਿ 18 ਮਈ, 2016 ਵਿੱਚ ਕੈਨੇਡਾ ਦੀ ਪਾਰਲੀਮੈਂਟ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਇਸ ਸਬੰਧੀ ਮੁਆਫੀਨਾਮਾ ਜਾਰੀ ਕਰਕੇ ਨਵਾਂ ਅਧਿਆਇ ਸਿਰਜ ਦਿੱਤਾ। ਅਗਸਤ 2008 ਵਿੱਚ ’ਗਦਰੀ ਬਾਬਿਆਂ ਦੇ ਮੇਲੇ’ ਦੌਰਾਨ ਉਸ ਸਮੇਂ ਦੇ ਪ੍ਰਧਾਨ ਮੰਤਰੀ ਸਟੀਫਨ ਹਾਰਪਰ ਨੇ ਵੀ ਇਸ ਸਬੰਧੀ ਮੁਆਫੀਨਾਮਾ ਜਾਰੀ ਕੀਤਾ, ਜਦ ਕੀਤੀ 23 ਮਈ 2021 ਨੂੰ ਵੈਨਕੂਵਰ ਦੇ ਮੇਅਰ ਕੈਨ ਸਿਮ ਵੱਲੋਂ ਵੀ ਅਜਿਹਾ ਹੀ ਮੁਆਫੀਨਾਮਾ ਜਾਰੀ ਕੀਤਾ ਗਿਆ। ਮੁਆਫੀਨਾਮਿਆਂ ਨੂੰ ਯਕੀਨੀ ਬਣਾਉਣ ਲਈ ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਦੀ ਪਰਿਵਾਰਾਂ ਵੱਲੋਂ ਨਿਭਾਈ ਗਈ ਭੂਮਿਕਾ ਜਿੱਥੇ ਸ਼ਲਾਘਾਯੋਗ ਹੈ, ਉੱਥੇ ਉਹਨਾਂ ਸਮੂਹ ਸੰਸਥਾਵਾਂ ਦੀ ਪ੍ਰਸ਼ੰਸਾ ਕਰਨੀ ਬਣਦੀ ਹੈ, ਜਿਹਨਾਂ ਨੇ ਸਮੇਂ-ਸਮੇਂ ਇਸ ਮਸਲੇ ’ਤੇ ਉਸਾਰੂ ਭੂਮਿਕਾ ਨਿਭਾਈ।

ਕੈਨੇਡਾ ਦੀ ਪਾਰਲੀਮੈਂਟ ’ਚ ਪ੍ਰਵਾਸੀਆਂ ਨੂੰ ਕਾਲੇ ਕਾਨੂੰਨਾਂ ਰਾਹੀਂ ਧੱਕੇ ਨਾਲ ਵਾਪਸ ਮੋੜਨ ਦੀਆਂ ਇਤਿਹਾਸਕ ਗ਼ਲਤੀਆਂ ’ਤੇ ਮੁਆਫ਼ੀ ਮੰਗਣ ਅਤੇ ਉਨ੍ਹਾਂ ਤੋਂ ਸਬਕ ਸਿੱਖਣ ਦਾ ਇਹ ਕਦਮ, ਇਥੇ ਵਸੇ ਪ੍ਰਵਾਸੀਆਂ ਨੂੰ ਮਾਨਤਾ ਦੇਣ ਦੇ ਸੰਦਰਭ ’ਚ ਖ਼ਾਸ ਮਹੱਤਵ ਰੱਖਦਾ ਹੈ। ਬੇਸ਼ਕ ਇਹ ਵੱਖਰੀ ਗੱਲ ਹੈ ਕਿ ਇਹਨਾਂ ਮੁਆਫੀਨਾਮਿਆਂ ਵਿੱਚ, ਵੈਨਕੂਵਰ ਸ਼ਹਿਰ ਵੱਲੋਂ ਜਾਰੀ ਐਲਾਨਨਾਮੇ ਨੂੰ ਛੱਡ ਕੇ ਹੋਰ ਕਿਧਰੇ ਵੀ ’ਗੁਰੂ ਨਾਨਕ ਜਹਾਜ਼’ ਸ਼ਬਦ ਨਹੀਂ ਵਰਤਿਆ ਗਿਆ, ਬਲਕਿ ਹਰੇਕ ਪ੍ਰੋਕਲੇਮੇਸ਼ਨ ਵਿੱਚ ’ਕਾਮਾਗਾਟਾਮਾਰੂ’ ਸ਼ਬਦ ਹੀ ਵਰਤਿਆ ਹੈ, ਜੋ ਕਿ ਇਤਿਹਾਸਿਕ ਤੌਰ ’ਤੇ ਠੀਕ ਨਹੀਂ। ਇਤਿਹਾਸਿਕ ਸੱਚਾਈ ਦਾ ਗਿਆਨ ਹੋਣ ਮਗਰੋਂ ਹੁਣ ਸਾਡਾ ਸਭਨਾਂ ਦਾ ਫਰਜ਼ ਬਣਦਾ ਹੈ ਕਿ ਇਹਨਾਂ ਮੁਆਫੀਨਾਮਿਆਂ ਦੀ ਸੋਧ ਕਰਵਾ ਕੇ, ਸਹੀ ਨਾਂ ’ਗੁਰੂ ਨਾਨਕ ਜਹਾਜ਼’ ਸ਼ਬਦ ਲਿਖਵਾਇਆ ਜਾਵੇ। ਅਜਿਹਾ ਕਰਦਿਆਂ ਅਸੀਂ ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਨਾਲ ਇਨਸਾਫ ਕਰ ਰਹੇ ਹੋਵਾਂਗੇ, ਜਦ ਕਿ ਅਸਲੀਅਤ ਜਾਨਣ ਤੋਂ ਮਗਰੋਂ ਵੀ ਅਜਿਹਾ ਨਾ ਕਰਨਾ ਉਹਨਾਂ ਮੁਸਾਫਰਾਂ ਨਾਲ ਦੂਜੀ ਵਾਰ ਬੇਇਨਸਾਫੀ ਹੋਵੇਗੀ। ਅੰਤ ਵਿੱਚ ਕਿਹਾ ਜਾ ਸਕਦਾ ਹੈ ਕਿ ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਦਾ ਸਫਰ ’ਚੜ੍ਹਦੀ ਕਲਾ ਦਾ ਪ੍ਰਤੀਕ ਸੀ, ਨਾ ਕਿ ਢਹਿੰਦੀ ਕਲਾ’ ਦਾ। ਜ਼ਿਕਰਯੋਗ ਹੈ ਕਿ ਜਿੱਥੋਂ ਨਸਲੀ ਜਬਰ ਨਾਲ 110 ਸਾਲ ਪਹਿਲਾਂ ਗੁਰੂ ਨਾਨਕ ਜਹਾਜ਼ ਮੋੜਿਆ ਗਿਆ ਸੀ, ਉਸੇ ਜਗ੍ਹਾ ’ਤੇ ਚੜਦੀ ਕਲਾ ਦੇ ਸਫਰ ਦੀ ਗੱਲ ਹੋਣੀ, ਗੁਰੂ ਨਾਨਕ ਜਹਾਜ਼ ਦੇ ਮੁਸਾਫਿਰਾਂ ਵੱਲੋਂ ਮਾਨਵਵਾਦੀ ਸਬਰ ਨਾਲ ਨਸਲਵਾਦੀ ਜਬਰ ’ਤੇ ਗੌਰਵਮਈ ਜਿੱਤ ਕਹੀ ਜਾ ਸਕਦਾ ਹੈ। ’

ਗੁਰੂ ਨਾਨਕ ਜਹਾਜ਼ ਦੇ ਚੜ੍ਹਦੀ’ ਕਲਾ ਦੇ ਸਫ਼ਰ ਦੇ 110ਵੇਂ ਸਾਲ ’ਤੇ, ਕੈਨੇਡਾ ਦੀ ਧਰਤੀ ’ਤੇ ਵੈਨਕੂਵਰ ਦੇ ਸਮੁੰਦਰੀ ਤੱਟ ’ਤੇ 1199 ਵੈਸਟ ਕਾਰਡੋਵਾ ਸਟਰੀਟ, ਕਾਮਾਗਾਟਾਮਾਰੂ ਮੈਮੋਰੀਅਲ ਸਮਾਰਕ ਉੱਪਰ 21 ਜੁਲਾਈ ਦਿਨ ਐਤਵਾਰ ਨੂੰ ਦੁਪਹਿਰ 2 ਵਜੇ ਤੋਂ ਪੰਜ ਵਜੇ ਤੱਕ ਇਹ ਪ੍ਰੋਗਰਾਮ ਕੀਤਾ ਜਾ ਰਿਹਾ ਹੈ। ਇਸ ਮੌਕੇ ’ਤੇ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਵੱਲੋਂ ਪ੍ਰਕਾਸ਼ਿਤ ’ਸ੍ਰੀ ਗੁਰੂ ਨਾਨਕ ਜਹਾਜ਼ (ਕਾਮਾਗਾਟਾ ਮਾਰੂ ਜਹਾਜ਼): ਸਮਕਾਲੀ ਬਿਰਤਾਂਤ’ (ਡਾ. ਗੁਰਦੇਵ ਸਿੰਘ ਸਿੱਧੂ ਦੁਆਰਾ ਸੰਪਾਦਿਤ) ਤੇ ਬਾਬਾ ਗੁਰਦਿੱਤ ਸਿੰਘ ਦੀ ਆਪਣੀ ਕਲਮ ਤੋਂ ਲਿਖੀ ਤੇ ਅੰਗਰੇਜ਼ ਸਰਕਾਰ ਦੁਆਰਾ 1922 ਵਿਚ ਜ਼ਬਤ ਪੁਸਤਕ “ਗੁਰੂ ਨਾਨਕ ਜਹਾਜ਼” (ਡਾ. ਗੁਰਵਿੰਦਰ ਸਿੰਘ ਅਤੇ ਡਾ. ਗੁਰਦੇਵ ਸਿੰਘ ਸਿੱਧੂ ਦੁਆਰਾ ਸੰਪਾਦਿਤ) ਕਿਤਾਬਾਂ ਲੋਕ ਅਰਪਣ ਕੀਤੀਆਂ ਜਾਣਗੀਆਂ ਅਤੇ ਗੁਰੂ ਨਾਨਕ ਜਹਾਜ਼ ਤੇ ਨਸਲਵਾਦ ਬਾਰੇ ਵਿਚਾਰਾਂ ਹੋਣਗੀਆਂ। ਸਭ ਨੂੰ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਜਾਂਦਾ ਹੈ। ਇਸ ਬਾਰੇ ਹੋਰ ਜਾਣਕਾਰੀ ਲਈ ਸੰਪਰਕ ਕਰ ਸਕਦੇ ਹੋ : 604 825 1550, 778-960-5272

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

























ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਤਾ ਗੁਜ਼ਰੀ ਵਿੱਦਿਅਕ ਭਲਾਈ ਸਕੀਮ ਤਹਿਤ ਅੰਮ੍ਰਿਤਧਾਰੀ ਸਿੱਖ ਬੱਚੀਆਂ ਨੂੰ ਵਿਸ਼ੇਸ਼ ਵਜ਼ੀਫੇ ਕਮੇਟੀ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਵੰਡੇ ਗਏ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਕਮੇਟੀ ਵੱਲੋਂ

# ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਵਜ਼ੀਫੇ ਵੰਡੇ ਗਏ




**ਕਰਨਾਲ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਬੱਚਿਆਂ ਨੂੰ ਧਰਮ ਗੁਰਮਤਿ ਗੁਰਬਾਣੀ ਨਾਲ ਜੋੜਨ ਵਾਸਤੇ ਉਤਸ਼ਾਹਿਤ ਪ੍ਰੋਗਰਾਮ ਉਲੀਕੇ ਗਏ ਹਨ ਜਿਸ ਦੇ ਤਹਿਤ ਆਪਣੇ ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਪੜਾਈ ਮੁਫਤ ਕਰ ਦਿੱਤੀ ਹੈ ਅਤੇ ਕਾਲਜਾਂ ਵਿੱਚ ਬੱਚਿਆਂ ਨੂੰ ਵਿਸ਼ੇਸ਼ ਵਜ਼ੀਫੇ ਦਿੱਤੇ ਜਾ ਰਹੇ ਹਨ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕੇ ਧਰਮ ਪ੍ਰਚਾਰ ਲੜੀ ਦੇ ਤਹਿਤ ਮਾਤਾ ਸੁੰਦਰੀ ਖਾਲਸਾ ਗਰਲਜ਼ ਕਾਲਜ ਨੀਂਸਿੰਗ ਕਰਨਾਲ ਵਿਖੇ ਕੱਲ 16 ਅੰਮ੍ਰਿਤਧਾਰੀ ਸਿੱਖ ਬੱਚੀਆਂ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਮਾਤਾ ਗੁਜ਼ਰੀ ਵਿੱਦਿਅਕ ਭਲਾਈ ਸਕੀਮ ਤਹਿਤ ਵਜ਼ੀਫੇ ਵੰਡੇ ਗਏ ਕਾਲਜ ਦੀ ਪ੍ਰਿੰਸੀਪਲ ਸਤਵੰਤ ਕੌਰ ਮਾਨ ਅਤੇ ਧਾਰਮਿਕ ਲੈਕਚਰਾਰ ਡਾਕਟਰ ਸੰਦੀਪ ਸਿੰਘ ਨੇ ਸਟਾਫ ਨਾਲ ਰਲਕੇ ਇਸ ਪ੍ਰੋਗਰਾਮ ਦਾ ਪ੍ਰਬੰਧ ਕੀਤਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਚੇਅਰਮੈਨ ਧਰਮ ਪ੍ਰਚਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਜਨਰਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ,ਮੀਤ ਸਕੱਤਰ ਗੁਲਾਬ ਸਿੰਘ ਮੂਨਕ,ਸਲਾਹਕਾਰ ਗੁਰਵਿੰਦਰ ਸਿੰਘ ਧਮੀਜਾ ਕਰਨਾਲ ਵਿਸ਼ੇਸ਼ ਤੌਰ ਤੇ ਪੁੱਜੇ ਅਤੇ ਬੱਚਿਆਂ ਨੂੰ ਆਪਣੇ ਧਰਮ ਨਾਲ ਜੁੜਨ ਵਾਸਤੇ ਪ੍ਰੇਰਿਤ ਕੀਤਾ ਸਟੇਜ ਸਕੱਤਰ ਦੀ ਸੇਵਾ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ ਵੱਲੋਂ ਨਿਭਾਈ ਗਈ 16 ਅੰਮ੍ਰਿਤਧਾਰੀ ਸਿੱਖ ਬੱਚੀਆਂ ਨੇ ਇਹ ਵਿਸ਼ੇਸ਼ ਵਜ਼ੀਫਾ ਪ੍ਰਾਪਤ ਕੀਤਾ ਜਥੇਦਾਰ ਅਸੰਧ ਅਤੇ ਜਥੇਦਾਰ ਦਾਦੂਵਾਲ ਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਿਆਣਾ ਕਮੇਟੀ ਵੱਲੋਂ ਕੀਤੇ ਜਾ ਰਹੇ ਵਿਸ਼ੇਸ਼ ਕਾਰਜਾਂ ਦਾ ਜ਼ਿਕਰ ਕੀਤਾ ਜਿਸ ਵਿੱਚ ਗੁਰਦੁਆਰਾ ਸਾਹਿਬਾਨ ਵਿੱਚ ਸੰਗਤਾਂ ਲਈ ਬਣ ਰਹੀਆਂ ਰਿਹਾਇਸ਼ੀ ਸਰਾਵਾਂ ਸਟਾਫ ਲਈ ਬਣ ਰਹੇ ਕੁਆਟਰ ਲਾਇਬ੍ਰੇਰੀਆਂ ਲੈਬੋਟਰੀਆਂ ਧਰਮ ਪ੍ਰਚਾਰ ਵੱਲੋਂ ਕੀਤੇ ਜਾ ਰਹੇ ਅੰਮ੍ਰਿਤ ਸੰਚਾਰ ਗੁਰਮਤ ਕੈਂਪਾਂ ਦਾ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਸਕੱਤਰ ਰਾਜਪਾਲ ਸਿੰਘ ਦੁਨੀਆ ਮਾਜਰਾ,ਮੀਤ ਸਕੱਤਰ ਗੁਰਦੀਪ ਸਿੰਘ ਭਾਣੋਖੇੜੀ,ਮੀਤ ਸਕੱਤਰ ਰੁਪਿੰਦਰ ਸਿੰਘ,ਇੰਚਾਰਜ ਗੁਰਭੇਜ ਸਿੰਘ,ਇੰਚਾਰਜ ਹਰਕੀਰਤ ਸਿੰਘ,ਬਲਜੀਤ ਸਿੰਘ ਪੀਏ ਅਤੇ ਇੰਦਰਪਾਲ ਸਿੰਘ ਕਰਨਾਲ ਵੀ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਦੀ ਅੰਤਰ-ਰਾਸ਼ਟਰੀ ਕਾਨਫਰੰਸ "ਸੀਟਾਸ-2024" ਵਿੱਚ ਉਨੱਤ ਖੇਤੀ ਲਈ ਨਾਮਵਰ ਖੇਤੀ ਵਿਗਿਆਨੀ ਕਰਨਗੇ ਵਿਚਾਰ ਚਰਚਾ

## ਉਦਘਾਟਨੀ ਤੇ ਇਨਾਮ ਵੰਡ ਸਮਾਰੋਹ ਵਿੱਚ ਸ. ਰਵਨੀਤ ਸਿੰਘ ਬਿੱਟੂ ਕੇਂਦਰੀ ਰਾਜ ਮੰਤਰੀ ਹੋਣਗੇ ਸ਼ਾਮਿਲ



**ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਖੇਤੀ ਵਿੱਚ ਵੱਧ ਰਹੇ ਖਰਚਿਆਂ, ਕਿਸਾਨਾਂ ਵਿੱਚ ਵੱਧ ਰਹੀ ਬੇਚੈਨੀ, ਫਸਲਾਂ ਤੋਂ ਵੱਧ ਝਾੜ੍ਹ ਲੈਣ, ਖੇਤੀ ਸੰਬੰਧੀ ਸਮੱਸਿਆਵਾਂ ਤੇ ਉਨ੍ਹਾਂ ਦੇ ਸਮਾਧਾਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ ਵੱਲੋਂ ਮਿਤੀ 29 ਅਗਸਤ ਤੋਂ 31 ਅਗਸਤ ਤੱਕ ਆਯੋਜਿਤ ਹੋਣ ਵਾਲੀ ਤਿੰਨ ਰੋਜ਼ਾ ਕਾਨਫਰੰਸ "ਸੀਟਾਸ-2024" ਵਿੱਚ ਦੇਸ਼ਾਂ-ਵਿਦੇਸ਼ਾਂ ਦੇ ਕਈ ਨਾਮਵਰ ਖੇਤੀ ਵਿਗਿਆਨੀ ਪਹੁੰਚਣਗੇ। ਇਸ ਬਾਰੇ ਜਾਣਕਾਰੀ ਦਿੰਦਿਆਂ ਸ. ਗੁਰਲਾਭ ਸਿੰਘ ਸਿੱਧੂ, ਚਾਂਸਲਰ ਨੇ ਦੱਸਿਆ ਕਿ 'ਵਰਸਿਟੀ ਵੱਲੋਂ ਖੇਤੀ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਸ. ਰਵਨੀਤ ਸਿੰਘ ਬਿੱਟੂ, ਕੇਂਦਰੀ ਰਾਜ ਮੰਤਰੀ ਫੂਡ ਪ੍ਰਸੈਸਿੰਗ ਇੰਡਸਟਰੀ ਨੇ ਕਾਨਫਰੰਸ ਦੇ ਉਦਘਾਟਨੀ ਅਤੇ ਇਨਾਮ ਵੰਡ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਣ ਤੇ ਆਪਣੀ ਸਹਿਮਤੀ ਪ੍ਰਗਟਾਈ ਹੈ। ਉਨ੍ਹਾਂ ਫੈਕਲਟੀ ਆਫ਼ ਐਗਰੀਕਲਚਰ ਦੇ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਖੇਤੀ ਵਿੱਚ ਆਧੁਨਿਕ ਤਕਨੀਕ ਦੇ ਇਸਤੇਮਾਲ ਅਤੇ ਵਾਤਾਵਰਣ ਪੱਖੀ ਖੇਤੀ ਕਰਨ ਦੇ ਲਈ ਇਸ ਖੇਤਰ ਵਿੱਚ ਸਹਿਯੋਗ ਦੀ ਅਪੀਲ ਕੀਤੀ। ਕਾਨਫਰੰਸ ਵਿੱਚ ਹਾਜ਼ਰ ਹੋਣ ਵਾਲੇ ਮਾਹਿਰਾਂ ਬਾਰੇ ਜਾਣਕਾਰੀ ਦਿੰਦਿਆਂ ਡਾ. ਵਰਿੰਦਰ ਸਿੰਘ ਪਾਹਿਲ, ਐਡਵਾਈਜ਼ਰ ਟੂ ਚਾਂਸਲਰ ਨੇ ਦੱਸਿਆ ਕਿ ਕਾਨਫਰੰਸ ਦੇ ਇਨਾਮ ਵੰਡ ਸਮਾਰੋਹ ਵਿੱਚ ਡਾ. ਸਤਬੀਰ ਸਿੰਘ ਗੋਸਲ, ਵਾਈਸ ਚਾਂਸਲਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਸਨਮਾਨਿਤ ਮਹਿਮਾਨ ਵਜੋਂ ਇਨਾਮ ਤਕਸੀਮ ਕਰਨਗੇ ਤੇ ਟਿਸ਼ੂ ਕਲਚਰ ਤਕਨੀਕ ਤੇ ਵਿਸ਼ਾ ਮਾਹਿਰ ਵਜੋਂ ਆਪਣੇ ਵਿਚਾਰ ਰੱਖਣਗੇ, ਡਾ. ਇੰਦਰਜੀਤ ਸਿੰਘ, ਸਨਮਾਨਿਤ ਮਹਿਮਾਨ, ਵਾਈਸ ਚਾਂਸਲਰ, ਗੁਰੂ ਅੰਗਦ ਦੇਵ ਯੂਨੀਵਰਸਿਟੀ, ਲੁਧਿਆਣਾ ਆਧੁਨਿਕ ਡਾਇਰੀ ਫਾਰਮਿੰਗ ਤਕਨੀਕ ਬਾਰੇ ਵਿਚਾਰ ਸਾਂਝੇ ਕਰਨਗੇ। ਖੇਤੀ ਨੂੰ ਲਾਹੇਵੰਦ ਅਤੇ ਲਾਭਦਾਇਕ ਧੰਦਾ ਬਣਾਉਣ ਲਈ ਡਾ. ਪਰਵਿੰਦਰ ਸਿੰਘ ਸ਼ਿਰੌਨ ਤੇ ਡਾ. ਐਚ.ਐਸ.ਜਾਟ, ਡਾਇਰੈਕਟਰ ਆਈ.ਸੀ.ਏ.ਆਰ ਖੋਜਾਰਥੀਆਂ ਅਤੇ ਵਿਦਵਾਨਾਂ ਨਾਲ ਨੁਕਤੇ ਸਾਂਝੇ ਕਰਨਗੇ। ਡਾ. ਪਾਹਿਲ ਨੇ ਇਲਾਕੇ ਦੇ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਕਾਨਫਰੰਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।






ਜੇਲ੍ਹ ਤੋਂ ਬਾਹਰ ਆਇਆ ਨਵਦੀਪ ਵਾਟਰ ਕੈਨਨ ਵਾਲਾ, 111 ਦਿਨ ਬਾਅਦ ਹੋਈ ਰਿਹਾਈ ਅੱਜ ਅੰਬਾਲਾ ਵਿਖੇ ਸਨਮਾਨ ਸਮਾਰੋਹ ਦਾਣਾ ਮੰਡੀ ਵਿਖੇ ਰੱਖਿਆ ਗਿਆ ਸੀ ਪਰ ਹਰਿਆਣਾ ਸਰਕਾਰ ਨੇ ਕਿਸਾਨ ਜਥੇਬੰਦੀ ਅੰਬਾਲਾ ਚ ਐਂਟਰ ਹੋਣ ਤੋਂ ਰੋਕਣ ਲਈ ਵੱਡੇ ਨਾਕੇ ਲਾਏ ਹੋਏ ਸੀ ਹਰਿਆਣਾ ਦੇ ਬਾਹਰ ਕਿਸਾਨ ਡਟੇ ਹੋਏ ਸੀ ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਨਵਦੀਪ ਸਿੰਘ ਅਤੇ ਉਹਨਾਂ ਦੇ ਪਿਤਾ ਜੀ ਨੂੰ ਸਰੋਪੋ ਦੇ ਕੇ ਸਨਮਾਨਿਤ ਕੀਤਾ ਗਿਆ ਕਿਉਂਕਿ ਇਸ ਪਰਿਵਾਰ ਦਾ ਕਿਸਾਨ ਅੰਦੋਲਨ ਚ ਬਹੁਤ ਵੱਡਾ ਯੋਗਦਾਨ ਹੈ ਇਸ ਮੌਕੇ ਭਾਈ ਦਵਿੰਦਰ ਸਿੰਘ ਦਮਦਮੀ ਟਕਸਾਲ ਮਨਿੰਦਰ ਸਿੰਘ ਸੁਲਹਾਣੀ ਤੇਜਵਿੰਦਰ ਸਿੰਘ ਮਚਾਕੀ ਦਿਲਬਾਗ ਸਿੰਘ ਸਿਮਰੇਵਾਲਾ ਹਾਜ਼ਰ ਸਨ।

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਲੀਬ ਸੱਚ ਤੇ ਨਿਆਂ ਦੀ ਪ੍ਰਤੀਕ ਹੈ

# ਜਥੇਦਾਰ ਸਾਹਿਬਾਨ ਇਸਦੀ ਸਰਵ-ਉੱਚਤਾ ਨੂੰ ਕਾਇਮ ਰੱਖਣ : ਹਰਜੀਤ ਸਿੰਘ ਪੁਰੇਵਾਲ, ਸ਼ਮਸ਼ੇਰ ਸਿੰਘ ਪੱਧਰੀ

**ਅੰਮ੍ਰਿਤਸਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬਾਗੀ ਹੋਏ ਧੜੇ ਦੇ ਲੀਡਰਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋਣ ਤੋਂ ਬਾਅਦ ਜਿਸ ਪ੍ਰਕਾਰ ਸੁਖਬੀਰ ਸਿੰਘ ਬਾਦਲ ਦੀ ਹੋਂਦ ਬਚਾਉਣ ਲਈ ਨਾਟਕੀ ਰੁੱਖ ਅਪਣਾਇਆ ਗਿਆ ਹੈ ਉਸ ਤੋਂ ਸਾਰੀ ਸਿੱਖ ਸੰਗਤ ਭਲੀਭਾਂਤ ਜਾਣੂੰ ਹੈ, ਉਹ ਵੱਖਰੀ ਗੱਲ ਹੈ ਕਿ ਸਮੂਹ ਸਿੱਖ ਜਗਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਨੂੰ ਮੁੱਖ ਰੱਖਦਿਆਂ ਤੇ ਉਸ ਗਰਿਮਾ ਨੂੰ ਬਣਾਈ ਰੱਖਣ ਵਾਸਤੇ ਆਪਣੇ ਮੂੰਹ ਤੇ ਉਂਗਲ ਰੱਖੀ ਬੈਠਾ ਹੋਇਆ ਹੈ। ਇਸ ਗੱਲ ਨੂੰ ਸਾਡੇ ਮਾਣਯੋਗ ਜਥੇਦਾਰ ਸਾਹਿਬਾਨ ਨੂੰ ਆਪਣੇ ਆਪ ਹੀ ਭਾਂਪ ਲੈਣਾਂ ਚਾਹੀਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸਾਬਕਾ ਜ਼ਿਲ੍ਹਾ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਸਾਬਕਾ ਫੈਡਰੇਸ਼ਨ ਆਗੂ ਭਾਈ ਹਰਜੀਤ ਸਿੰਘ ਜੀ ਪੁਰੇਵਾਲ ਨੇ ਇਕ ਪ੍ਰੈਸ ਨੋਟ ਰਾਹੀਂ ਕੀਤਾ। ਭਾਈ ਪੱਧਰੀ ਅਤੇ ਭਾਈ ਪੁਰੇਵਾਲ ਵੱਲੋਂ ਭੇਜੇ ਗਏ ਪ੍ਰੈਸ ਨੋਟ ਵਿੱਚ ਉਹਨਾਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਲੀਬ ਸੱਚ ਤੇ ਨਿਆਂ ਦੀ ਪ੍ਰਤੀਕ ਹੈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਿੱਖਾਂ ਦੀ ਸਰਵਉੱਚ ਅਦਾਲਤ ਦਾ ਮਾਣ ਹਾਸਲ ਹੈ ਜਿਸ ਕਰਕੇ ਮਾਣਯੋਗ ਜਥੇਦਾਰ ਸਾਹਿਬਾਨ ਨੂੰ ਇਸਦੀ ਸਰਵ-ਉੱਚਤਾ ਨੂੰ ਕਾਇਮ ਰੱਖਣਾਂ ਚਾਹੀਦਾ ਹੈ ਨਾ ਕਿ ਪੰਥ ਵਿਰੋਧੀ ਗਤੀਵਿਧੀਆਂ ਦੇ ਦੋਸ਼ੀ ਕਿਸੇ ਵੀ ਵਿਅਕਤੀ ਵਿਸ਼ੇਸ਼ ਖ਼ਾਤਰ ਇਸਨੂੰ ਦਾਅ ਤੇ ਲਾਕੇ ਸਮੁੱਚੀ ਦੁਨੀਆਂ ਵਿੱਚ ਇਸਦਾ ਰੁੱਤਬਾ ਘਟਾਉਣਾਂ ਚਾਹੀਦਾ ਹੈ। ਭਾਈ ਪੱਧਰੀ ਅਤੇ ਭਾਈ ਪੁਰੇਵਾਲ ਜੀ ਨੇ ਉਦਾਹਰਣ ਦਿੰਦਿਆਂ ਹੋਇਆਂ ਕਿਹਾ ਕਿ ਜਦੋਂ ਕਿਸੇ ਵਕੀਲ ਵੱਲੋਂ ਕਿਸੇ ਅਦਾਲਤ ਵਿੱਚ ਕੋਈ ਕੇਸ ਦਾਇਰ ਕੀਤਾ ਜਾਂਦਾ ਹੈ ਤਾਂ ਜੱਜ ਉਸ ਕੇਸ ਨੂੰ ਲੈਣ ਤੋਂ ਪਹਿਲਾਂ ਵਕੀਲ ਕੋਲੋਂ ਸਭ ਤੋਂ ਪਹਿਲਾਂ ਉਸ ਕੇਸ ਦਾ ਮਜਮੂਨ ਬਾਰੇ ਜਾਣਦਾ ਹੈ ਅਤੇ ਜੇਕਰ ਕਿਸੇ ਕੇਸ ਦਾ ਮਜਮੂਨ ਅਦਾਲਤ ਅਤੇ ਕਾਨੂੰਨ ਦੇ ਪੈਮਾਨਿਆਂ ਮੁਤਾਬਿਕ ਸਹੀ ਨਾ ਹੋਵੇ ਤਾਂ ਜੱਜ ਉਸਨੂੰ ਨਹੀਂ ਲੈਂਦਾ ਜਾਂ ਪਹਿਲੀ ਤਰੀਕੇ ਹੀ ਉਸਨੂੰ ਅਗਾਂਹ ਚਲਾਉਣ ਤੋਂ ਇਨਕਾਰ ਕਰਕੇ ਡਿਸਮਿਸ ਵੀ ਕਰ ਸਕਦਾ ਹੈ। ਸੋ ਇਸੇ ਪ੍ਰਕਾਰ ਹੀ ਜਥੇਦਾਰ ਸਾਹਿਬਾਨ ਨੂੰ ਜਾਣ ਲੈਣਾਂ ਚਾਹੀਦਾ ਹੈ ਕਿ ਬਾਦਲ ਪਰਿਵਾਰ ਵੱਲੋਂ ਪਿਛਲੇ ਸਮੇਂ ਰਾਜ ਸੱਤਾ ਭੋਗਦਿਆਂ ਪੰਥ ਵਿਰੋਧੀ ਗਤੀਵਿਧੀਆਂ ਨੂੰ ਜਾਣਦਿਆਂ ਬੁਝਦਿਆਂ ਅੰਜਾਮ ਦਿੱਤਾ ਗਿਆ ਜਿਸ ਕਾਰਨ ਸਮੁੱਚੀ ਸਿੱਖ ਕੌਮ ਇਕ ਇਹਨਾਂ ਕਰਕੇ ਹੀ ਸਾਰੀ ਦੁਨੀਆਂ ਵਿੱਚ ਮਜ਼ਾਕ ਦੀ ਪਾਤਰ ਬਣੀ ਹੋਈ ਹੈ, ਅਤੇ ਅੱਜ ਉਹੀ ਸੁਖਬੀਰ ਸਿੰਘ ਬਾਦਲ ਧਰਮ ਦੀ ਡਿਉੜੀ ਥਾਣੀਂ ਲੰਘ ਕੇ ਸੱਚਾ ਸੁੱਚਾ ਸਾਬਤ ਹੋਣ ਦੀ ਫਿਰਾਕ ਵਿੱਚ ਹੈ ਜੋਕਿ ਸਿੱਖ ਪੰਥ ਨੂੰ ਹਰਗਿਜ਼ ਮਨਜ਼ੂਰ ਨਹੀਂ ਹੈ। ਉਹਨਾਂ ਕਿਹਾ ਕਿ ਸਮੁੱਚੇ ਸਿੱਖ ਜਗਤ ਵਿੱਚ ਉਸ ਦਿਨ ਖ਼ੁਸ਼ੀ ਦੀ ਲਹਿਰ ਪ੍ਰਗਟ ਹੋਵੇਗੀ, ਜਿਸ ਦਿਨ ਸੌਦਾ ਸਾਧ ਦੇ ਆੜੀ ਉਸ ਨੂੰ ਮੁਆਫ ਕਰਨ ਵਾਲੇ ਸ੍ਰੀ ਅਕਾਲ ਤਖਤ ਸਾਹਿਬ ਦਾ ਜਥੇਦਾਰ ਸਾਹਿਬਾਨ ਅਤੇ ਉਹ ਸਾਰੀਆਂ ਧਿਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਬਤੌਰ ਦੋਸ਼ੀ ਪੇਸ਼ ਹੋਣਗੇ, ਜਿਹਨਾਂ ਨੇ ਸੌਦਾ ਸਾਧ ਨੂੰ ਬਿਨ ਮੰਗਿਆਂ ਮੁਆਫੀ ਦੇ ਕੇ ਪੰਥਕ ਰਹੁ ਰੀਤਾਂ ਤੇ ਮਰਿਆਦਾ ਦੀ ਉਲੰਘਣਾ ਕਰਨ ਦੀ ਬੱਜਰ ਗਲਤੀ ਕੀਤੀ। ਭਾਈ ਪੱਧਰੀ ਅਤੇ ਭਾਈ ਪੁਰੇਵਾਲ ਨੇ ਕਿਹਾ ਕਿ ਸੌਦਾ ਸਾਧ ਨੂੰ ਮੁਆਫੀ ਦੇਣ ਵਾਲੇ ਸਾਰੇ ਕਾਰਿਆਕ੍ਰਮ ਵਿੱਚ ਬਾਦਲ ਪਰਿਵਾਰ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀ ਬਾਖੂਬੀ ਰੋਲ ਨਿਭਾਇਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 90 ਲੱਖ ਤੋਂ ਵੱਧ ਦੇ ਵੱਖ-ਵੱਖ ਅਖ਼ਬਾਰਾਂ ਵਿੱਚ ਇਸ਼ਿਤਹਾਰ ਛਪਵਾ ਕੇ ਇਸ ਮੁਆਫੀ ਦੀ ਸ਼ਲਾਘਾ ਕੀਤੀ ਗਈ ਤੇ ਸਗੋਂ ਇਸਨੂੰ ਦੇਰ ਨਾਲ ਲਿਆ ਗਿਆ ਸਹੀ ਕਦਮ ਕਿਹਾ ਗਿਆ ਅਤੇ ਇਸ ਉੱਪਰ ਇਕ ਹੋਰ ਮੋਹਰ ਲਾਕੇ ਸਿੱਖ ਪੰਥ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਲਈ ਗੁਰੂ ਦੀ ਗੋਲਕ ਵਿੱਚੋਂ ਜਹਾਜ ਦਾ ਕਿਰਾਇਆ ਖਰਚ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 22 ਮੈਂਬਰਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਲਿਆਕੇ ਜਥੇਦਾਰ ਸਾਹਿਬ ਵੱਲੋਂ ਸੌਦਾ ਸਾਧ ਨੂੰ ਮੁਆਫੀ ਦੇਣ ਦਾ ਧੰਨਵਾਦ ਵੀ ਕਰਵਾਇਆ ਗਿਆ। ਉਹਨਾਂ ਕਿਹਾ ਕਿ ਅੱਜ ਸ਼ਤਰੰਜ ਦੀ ਟੇਡੀ ਚਾਲ ਚੱਲ ਕੇ ਸੁਖਬੀਰ ਸਿੰਘ ਬਾਦਲ ਆਪ ਖੁਦ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ ਹੋਣ ਦਾ ਸਵਾਂਗ ਰਚ ਰਹੇ ਹਨ ਅਤੇ ਸੱਚੇ ਸਿੱਖ ਹੋਣ ਦੇ ਦਾਅਵੇ ਕਰ ਰਹੇ ਹਨ ਪ੍ਰੰਤੂ ਉਸ ਵਕਤ ਬਾਦਲ ਪਰਿਵਾਰ ਵੱਲੋਂ ਸਾਰੀਆਂ ਮਾਣ ਮਰਿਆਦਾ ਦੀਆਂ ਹੱਦਾਂ ਟੱਪਦਿਆਂ ਚੰਡੀਗੜ ਸਥਿਤ ਆਪਣੀ ਕੋਠੀ ਵਿਖੇ ਤਖਤਾਂ ਦੇ ਜਥੇਦਾਰਾਂ ਨੂੰ ਸੱਦ ਕੇ ਸੌਦਾ ਸਾਧ ਨੂੰ ਮੁਆਫੀ ਦੇਣ ਦੇ ਆਦੇਸ਼ ਜਾਰੀ ਕੀਤੇ ਗਏ, ਜਿਸ ਦੇ ਪੂਰੇ ਕਿੱਸੇ ਦਾ ਖੁਲਾਸਾ ਪਿਛਲੇ ਸਮੇਂ ਦੌਰਾਨ ਵਿਸ਼ੇਸ਼ ਤੌਰ 'ਤੇ ਮੁਆਫੀਨਾਮੇ ਵਿੱਚ ਸ਼ਾਮਲ ਰਹੇ ਗਿਆਨੀ ਗੁਰਮੁੱਖ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਸੀ। ਸੋ ਅਜੇ ਵੀ ਸਮਾਂ ਹੈ ਕਿ ਸਿੱਖ ਕੌਮ ਦੀ ਆਨ- ਸ਼ਾਨ ਨੂੰ ਬਰਕਰਾਰ ਰੱਖਿਆ ਜਾਵੇ ਤੇ ਛਾਤਿਰ ਤਰੀਕੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਮਾਣ ਮਰਿਆਦਾ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤਣ ਤੋਂ ਪਹਿਲਾਂ ਹੀ ਇਸ ਕੇਸ ਨੂੰ ਕੌਮ ਦੇ ਕਟਿਹਰੇ ਵਿੱਚ ਰਹਿਣ ਦਿੱਤਾ ਜਾਵੇ।





**ਜੇਕਰ ਕਿਸੇ ਕੇਸ ਦਾ ਮਜਮੂਨ ਅਦਾਲਤ ਅਤੇ ਕਨੂੰਨ ਦੇ ਪੈਮਾਨਿਆਂ ਮੁਤਾਬਿਕ ਸਹੀ ਨਾਂ ਹੋਵੇ ਤਾਂ ਜੱਜ ਉਸਨੂੰ ਚਲਾਉਣ ਤੋਂ ਇਨਕਾਰ ਵੀ ਕਰ ਸਕਦਾ • ਮਾਮਲਾ ਸੁਖਬੀਰ ਸਿੰਘ ਬਾਦਲ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੇਸ਼ੀ ਦਾ**

ਆਵਾਜ਼ਿ ਕੌਮ AWAZE QAUM International Newspaper & WEB TV

## 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਪਿੰਡ ਪੰਨਵਾਂ ਵਿਖੇ ਸੁਵਿਧਾ ਕੈਂਪ ਦਾ ਆਯੋਜਨ

# ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 17 ਜੁਲਾਈ (ਕੁਲਜੀਤ ਸਿੰਘ ਖੋਖਰ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਆਮ ਲੋਕਾਂ ਨੂੰ ਸਰਕਾਰੀ ਸਕੀਮਾਂ/ਸਹੂਲਤਾਂ ਦਾ ਲਾਭ ਉਨ੍ਹਾਂ ਦੇ ਘਰਾਂ ਨੇੜੇ ਹੀ ਉਪਲਬਧ ਕਰਵਾਉਣ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਅੱਜ ਡੇਰਾ ਬਾਬਾ ਨਾਨਕ ਤਹਿਸੀਲ ਦੇ ਪਿੰਡ ਪੰਨਵਾਂ ਵਿਖੇ ਸੁਵਿਧਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਪਿੰਡ ਪੰਨਵਾਂ ਤੋਂ ਇਲਾਵਾ ਪਿੰਡ ਮਨਸੂਰ ਕਲਾਂ, ਮਨਸੂਰ ਅਬਾਦੀ, ਗੁਰਚੱਕ ਅਤੇ ਡਾਲਾ ਦੇ ਵਸਨੀਕਾਂ ਨੇ ਵੀ ਭਾਗ ਲਿਆ।



ਸੁਵਿਧਾ ਕੈਂਪ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ, ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ. ਹਰਦੀਪ ਸਿੰਘ, ਬੀ.ਡੀ.ਪੀ.ਓ. ਸ੍ਰੀਮਤੀ ਜਸਬੀਰ ਕੌਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਪੰਜਾਬ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਮਾਰਕਿਟ ਕਮੇਟੀ ਕਲਾਨੌਰ ਸ. ਰਣਜੇਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਇਸ ਕੈਂਪ ਵਿੱਚ ਸ਼ਾਮਿਲ ਹੋਏ।

ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਇਹ ਕੈਂਪ ਲਗਾਉਣ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਅੱਜ ਸਰਹੱਦੀ ਪਿੰਡ ਪੰਨਵਾਂ ਵਿਖੇ ਵਿਸ਼ੇਸ਼ ਸੁਵਿਧਾ ਕੈਂਪ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਮੁੱਖ ਮਕਸਦ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦੇਣਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਉਨ੍ਹਾਂ ਦੇ ਕੋਲ ਜਾ ਕੇ ਹੱਲ ਕਰਨਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਸਟਾਲ ਲਗਾ ਕੇ ਲੋਕਾਂ ਨੂੰ ਸੇਵਾਵਾਂ ਦਿੱਤੀਆਂ ਗਈਆਂ ਹਨ।

ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਕੈਂਪ ਵਿੱਚ ਲੋਕਾਂ ਵੱਲੋਂ ਵੱਖ-ਵੱਖ ਵਿਭਾਗਾਂ ਨਾਲ ਸੰਬੰਧਿਤ ਦਰਖਾਸਤਾਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਅਧਿਕਾਰੀਆਂ ਵੱਲੋਂ ਵਧੇਰੀਆਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਇਸ ਤੋਂ ਇਲਾਵਾ ਜਿਹੜੀਆਂ ਦਰਖਾਸਤਾਂ ਕਿਸੇ ਵਿਭਾਗ ਦੇ ਉੱਚ ਪੱਧਰ ਤੱਕ ਭੇਜਣ ਵਾਲੀਆਂ ਸਨ ਉਨ੍ਹਾਂ ਨੂੰ ਫਾਰਵਰਡ ਕੀਤਾ ਗਿਆ ਹੈ ਤਾਂ ਜੋ ਇਸ ਕੈਂਪ ਦੌਰਾਨ ਪ੍ਰਾਪਤ ਦਰਖਾਸਤਾਂ ਦਾ ਨਿਪਟਾਰਾ ਨਿਸ਼ਚਤ ਸਮੇਂ ਵਿੱਚ ਕੀਤਾ ਜਾ ਸਕੇ। ਇਸ ਮੌਕੇ ਅਧਾਰ ਕਾਰਡ, ਜਾਤੀ ਸਰਟੀਫਿਕੇਟ, ਆਮਦਨ, ਰੂਰਲ, ਰੈਜੀਡੈਂਸ ਅਤੇ ਬਾਰਡਰ ਏਰੀਏ ਦੇ ਸਰਟੀਫਿਕੇਟ ਮੌਕੇ 'ਤੇ ਜਾਰੀ ਕੀਤੇ ਗਏ। ਇਸ ਮੌਕੇ ਪੰਜਾਬ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸੀਨੀਅਰ ਵਾਈਸ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇਸ ਤਰ੍ਹਾਂ ਦੇ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਆਮ ਲੋਕਾਂ ਦੀ ਆਪਣੀ ਸਰਕਾਰ ਹੈ ਜਿਸ ਵਿੱਚ ਕਿਸੇ ਵੀ ਵਰਗ ਦੇ ਵਿਅਕਤੀ ਨੂੰ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੇ ਕੈਂਪਾਂ ਦਾ ਮੁੱਖ ਮੰਤਵ ਲੋਕਾਂ ਦੇ ਬਰੂੰਹਾਂ ਤੱਕ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ ਅਤੇ ਰਹਿੰਦੀਆਂ ਮੁਸ਼ਕਲਾਂ ਦੇ ਸਮਾਂਬੱਧ ਸਮਾਧਾਨ ਅਧਿਕਾਰੀ ਆਪਣੇ ਦਫ਼ਤਰ ਜਾ ਕੇ ਕਰਨਗੇ। ਇਸ ਮੌਕੇ ਮੰਡੀ ਬੋਰਡ ਦੇ ਐਕਸੀਅਨ ਸ. ਬਲਦੇਵ ਸਿੰਘ ਬਾਜਵਾ, ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ, ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਰਾਜੀਵ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਮ ਲੋਕਾਂ ਨੂੰ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ - ਸੀਨੀਅਰ ਵਾਈਸ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ**

# ਸੰਤ ਤ੍ਰਿਲੋਕ ਸਿੰਘ ਜੀ ਨੇ ਸੇਵਾ ਸਿਮਰਨ ਦੇ ਨਾਲ ਨਾਲ ਸਮਾਜਿਕ ਸੇਵਾਵਾਂ ਵਿਚ ਵੱਡਾ ਯੋਗਦਾਨ ਪਾਇਆ :- ਭਾਈ ਕਾਂਝਲਾ

## ਪਿੰਡ ਹਸਨਪੁਰ ਵਿਖੇ ਮਾਨ ਸੰਤ ਬਾਬਾ ਤ੍ਰਿਲੋਕ ਸਿੰਘ ਜੀ ਲੱਡੇ ਵਾਲਿਆਂ ਦੀ ਯਾਦ ਵਿੱਚ ਗੁਰਮਤਿ ਸਮਾਗਮ ਕਰਵਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬੈਰਾਗ ਤੇ ਤਿਆਗ ਦੀ ਮੂਰਤ, ਸੇਵਾ ਸਿਮਰਨ ਦੇ ਪੁੰਜ, ਪਰਉਪਕਾਰੀ ਸਾਧੂ ਸੰਤ ਬਾਬਾ ਤ੍ਰਿਲੋਕ ਸਿੰਘ ਜੀ ਲੱਡੇ ਵਾਲੇ ਪਿਛਲੇ ਦਿਨੀਂ ਸੱਚਖੰਡ ਜਾ ਬਿਰਾਜੇ ਤਿੰਨਾਂ ਨਮਿੱਤ ਸ੍ਰੀ ਅਖੰਡ ਪਾਠ ਦੇ ਭੋਗ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਬਾਹਰਲਾ ਪਿੰਡ ਹਸਨਪੁਰ ਵਿਖੇ ਕਰਵਾਏ ਗਏ ਜਾਣਕਾਰੀ ਦਿੰਦੇ ਹੋਏ ਭਾਈ ਧਰਮਪਾਲ ਸਿੰਘ ਕਾਂਝਲਾ ਨੇ ਕਿਹਾ ਸ੍ਰੀ ਮਾਨ ਸੰਤ ਬਾਬਾ ਤ੍ਰਿਲੋਕ ਸਿੰਘ ਜੀ ਲੱਡੇ ਵਾਲਿਆਂ ਨੇ ਸੇਵਾ ਸਿਮਰਨ ਅਤੇ ਸਮਾਜਿਕ ਸੇਵਾਵਾਂ ਵਿਚ ਵੱਡਾ ਤੇ ਭਾਰੀ ਯੋਗਦਾਨ ਪਾਇਆ ਬਾਬਾ ਜੀ ਨੇ ਜਿਥੇ ਸੰਗਤਾਂ ਨੂੰ ਸੇਵਾ ਸਿਮਰਨ ਨਾਲ ਜੋੜਨਾ ਨਾਲ ਨਾਲ ਗੁਰਦੁਆਰਾ ਸਾਹਿਬਾਨਾਂ ਦੀ ਸੇਵਾ, ਗੁਰੂ ਕੇ ਲੰਗਰਾਂ ਦੀ ਸੇਵਾ ਕੀਤੀ ਉੱਥੇ ਪਿੰਡ ਬੁਰਜ ਨੱਥੂ ਕੇ (ਤਰਨ ਤਾਰਨ ਸਾਹਿਬ ), ਪਿੰਡ ਲੱਡਾ, ਪਿੰਡ ਹਸਨਪੁਰ ਗੰਦੇ ਪਾਣੀ ਦੀ ਨਿਕਾਸੀ ਰਾਹੀਂ ਪਿੰਡਾਂ ਤੋਂ ਬਾਹਰ ਕੱਢ ਕੇ ਭਾਰੀ ਯੋਗਦਾਨ ਪਾਇਆ ਸੰਗਤਾਂ ਤੋਂ ਆਪ ਕੋਲ ਰਹਿ ਕੇ ਹੱਥੀਂ ਸੇਵਾ ਕਰਵਾਈ ਪੰਜ ਤਖ਼ਤ ਸਾਹਿਬਾਨਾਂ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ ਹਰ ਸਾਲ ਵੱਡੀ ਗਿਣਤੀ ਵਿਚ ਲੈ ਕੇ ਜਾਂਦੇ ਨੇੜਲੇ ਪਿੰਡਾਂ ਦੀਆਂ ਸੰਗਤਾਂ, ਪੰਚਾਇਤਾਂ ਨੇ ਅਥਾਹ ਪਿਆਰ ਬਣਾਈ ਰੱਖਿਆ ਨੇੜਲੇ ਪਿੰਡਾਂ ਵਿਚੋਂ ਪਾਰਟੀਆਂ ਧੜੇਬੰਦੀਆਂ ਖਤਮ ਕਰ ਦਿੱਤੀਆਂ ਪਿੰਡ ਹਸਨਪੁਰਵਿਖੇ ਹੋਏ ਗੁਰਮਤਿ ਸਮਾਗਮ ਵਿੱਚ ਵੱਡੀ ਗਿਣਤੀ ਵਿਚ ਪਿੰਡ ਹਸਨਪੁਰ, ਬੁਰਜ ਨੱਥੂ ਕੇ, ਲੱਡਾ ਨੇੜਲੇ ਪਿੰਡਾਂ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ ਆਏ ਸਮਾਗਮ ਵਿੱਚ ਬਾਬਾ ਬਲਜੀਤ ਸਿੰਘ ਫੱਕਰ, ਬਾਬਾ ਜਸਵਿੰਦਰ ਸਿੰਘ ਹਰੇੜੀ, ਬਾਬਾ ਅਮਰ ਸਿੰਘ ਕਾਰ ਸੇਵਾ ਪਟਿਆਲਾ ਅਤੇ ਹੋਰ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਦੀਆਂ ਹਾਜ਼ਰੀਆਂ ਭਰੀਆਂ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਨਾਲ ਜੋੜਿਆ ਸਮਾਗਮ ਵਿੱਚ ਬਾਬਾ ਸੁਖਰਾਜ ਸਿੰਘ ਜੀ ਲੱਡਾ, ਬਾਬਾ ਹਰਬੇਅੰਤ ਸਿੰਘ ਜੀ ਮਸਤੂਆਣਾ ਸਾਹਿਬ, ਬਾਬਾ ਦਰਸ਼ਨ ਸਿੰਘ ਗੁ: ਅੰਗੀਠਾ ਸਾਹਿਬ, ਅਤੇ ਨਗਰਾਂ ਦੀਆਂ ਪੰਚਾਇਤਾਂ ਨੇ ਪਹੁੰਚੀਆਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਲਾਹਾ ਲਿਆ ਨਗਰ ਵਲੋਂ ਬਾਬਾ ਸੁਖਰਾਜ ਸਿੰਘ ਜੀ ਲੱਡੇ ਵਾਲਿਆਂ ਨੂੰ ਸਿਰਪਾਓ ਤੇ ਲੋਈ ਭੇਟ ਕੀਤੀ ਅਤੇ ਨਗਰ ਵਲੋਂ ਬੇਨਤੀ ਕੀਤੀ ਸੰਤ ਬਾਬਾ ਤ੍ਰਿਲੋਕ ਸਿੰਘ ਜੀ ਦੀ ਤਰਾਂ ਪਹਿਲਾਂ ਵਾਂਗ ਬਾਬਾ ਸੁਖਰਾਜ ਸਿੰਘ ਸੰਗਤਾਂ ਨਾਲ ਪ੍ਰੇਮ ਬਣਾ ਕੇ ਉਸੇ ਤਰ੍ਹਾਂ ਵਿਚਰਦੇ ਰਹਿਣ ਬਾਬਾ ਜੀ ਦੀ ਯਾਦ ਵਿੱਚ ਬਾਬਾ ਜੀ ਵਲੋਂ ਬਣਾਏ ਪਾਰਕ ਵਿੱਚ ਬੂਟਾ ਲਾਇਆ ਗਿਆ ਸਮਾਗਮ ਦੀ ਸਮਾਪਤੀ ਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ, ਸੰਗਤਾਂ ਨੂੰ ਬੂਟੇ ਵੰਡੇ ਗਏ ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਮੂਹ ਪ੍ਰਬੰਧਕ, ਨਗਰ ਪੰਚਾਇਤ ਹਸਨਪੁਰ ਅਤੇ ਨਗਰ ਪੰਚਾਇਤ ਬੁਰਜ ਨੱਥੂ ਕੇ, ਨਗਰ ਪੰਚਾਇਤ ਲੱਡਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਲਾਏ 100 ਪੌਦੇ



**ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਰੀ ਵਿਖੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਵੱਖ-ਵੱਖ ਤਰ੍ਹਾਂ ਦੇ 100 ਪੌਦੇ ਲਗਾਏ ਗਏ। ਸਕੂਲ ਇੰਚਾਰਜ ਸ੍ਰੀਮਤੀ ਵੀਰਾਂ ਵੰਤੀ ਜੀ ਦੀ ਅਗਵਾਈ ਵਿੱਚ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ 'ਰੁੱਖ ਲਗਾਈਏ ਧਰਤ ਬਚਾਈਏ' ਨਾਅਰੇ ਹੇਠ ਟਾਹਲੀ, ਨਿੰਮ, ਤੂਤ, ਅਰਜਨ, ਜਾਮਣ ਅਤੇ ਹੋਰ ਵੱਖ-ਵੱਖ ਤਰ੍ਹਾਂ ਦੇ ਬੂਟੇ ਲਗਾਏ ਗਏ। ਸਵੇਰ ਦੀ ਸਭਾ ਵਿੱਚ ਸ. ਬਲਕਰਨ ਸਿੰਘ ਨੇ ਵਿਦਿਆਰਥੀਆਂ ਨੂੰ ਅੱਜ ਦੇ ਸਮੇ ਵਿੱਚ ਬੂਟੇ ਲਗਾਉਣ ਦੀ ਮਹੱਤਤਾ ਬਾਰੇ ਦੱਸਿਆ ਕਿ ਸਾਨੂੰ ਆਪਣੀਆਂ ਆਉਣ ਵਾਲੀਆਂ ਪੀੜੀਆਂ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਬੇਹੱਦ ਜ਼ਰੂਰਤ ਹੈ ਤਾਂ ਕਿ ਭਵਿੱਖ 'ਚ ਪ੍ਰਦੂਸ਼ਣ ਦੀ ਸਮੱਸਿਆਂ ਨੂੰ ਘੱਟ ਕੀਤਾ ਜਾ ਸਕੇ। ਰੁੱਖ ਵਾਤਾਵਰਨ ਦੇ ਲਈ ਹੀ ਨਹੀਂ ਸਾਡੇ ਜੀਵਨ ਦੇ ਲਈ ਵੀ ਉਨ੍ਹੇ ਹੀ ਜ਼ਰੂਰੀ ਹਨ ਜਿੰਨਾ ਕਿ ਜੀਵਨ ਜਿਉਣ ਦੇ ਲਈ ਪਾਣੀ ਦੀ ਜ਼ਰੂਰਤ ਹੁੰਦੀ ਹੈ। ਬਿਨਾ ਰੁੱਖਾਂ ਦੇ ਅਸੀ ਆਪਣੇ ਜੀਵਨ ਜਿਉਣ ਦੀ ਕਲਪਨਾ ਵੀ ਨਹੀ ਕਰ ਸਕਦੇ। ਇਹ ਸਾਨੂੰ ਆਕਸੀਜਨ ਪ੍ਰਦਾਨ ਕਰਨ ਦੇ ਨਾਲ ਨਾਲ ਆਲਮੀ ਤਪਸ਼ ਘਟਾਉਣ ਅਤੇ ਵਰਖਾ ਲਿਆਉਣ ਲਈ ਵੀ ਯੋਗਦਾਨ ਪਾਉਂਦੇ ਹਨ। ਜਗਬੀਰ ਸਿੰਘ ਨੇ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ ਪੌਦੇ ਲਗਾਏ ਜਾਦੇ ਹਨ ਅਤੇ ਉਨ੍ਹਾਂ ਦੀ ਸਾਰਾ ਸਾਲ ਦੇਖਭਾਲ ਵੀ ਕੀਤੀ ਜਾਂਦੀ ਹੈ। ਇਸ ਮੌਕੇ ਸ੍ਰੀਮਤੀ ਨਸੀਬ ਕੌਰ, ਅੰਜੂ ਰਾਣੀ, ਸ੍ਰੀ ਭਗਵਾਨ ਰਾਮ, ਕੁਲਦੀਪ ਸਿੰਘ, ਜਗਤਾਰ ਸਿੰਘ, ਰਣਜੀਤ ਸਿੰਘ ਨਵਦੀਪ ਕੌਰ, ਪਵਨੀਤ ਕੌਰ, ਸਵਰਨਜੀਤ ਕੌਰ, ਰਜਨੀ ਬਾਲਾ, ਸ਼ਿਵੰਦਰ ਪਾਲ ਸਿੰਘ ਕੈਂਪਸ ਮੈਨੇਜਰ, ਕਲਰਕ ਮੁਕੇਸ਼ ਕੁਮਾਰ, ਰਸ਼ਪਾਲ ਸਿੰਘ, ਸਤਪਾਲ ਸਿੰਘ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

### ‘ਵਾਰਸ ਪੰਜਾਬ ਜਥੇਬੰਦੀ’ ਦੇ ਸੇਵਾਦਾਰ ਭਾਈ ਤਰਲੋਕ ਸਿੰਘ ਬਿੱਟਾ ਦੇ ਪਿਤਾ ਦੇ ਸ਼ਰਧਾਂਜਲੀ ਸਮਾਰੋਹ ਮੌਕੇ

# ਬਾਪੂ ਤਰਸੇਮ ਸਿੰਘ ਜੀ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ

**ਜੰਡਿਆਲਾ ਗੁਰੂ, 17 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ 7 ਜੁਲਾਈ ਨੂੰ ਵਾਰਿਸ ਪੰਜਾਬ ਜਥੇਬੰਦੀ ਦੇ ਸੇਵਾਦਾਰ ਭਾਈ ਤਰਲੋਕ ਸਿੰਘ ਬਿੱਟਾ ਜੰਡਿਆਲਾ ਗੁਰੂ ਦੇ ਪਿਤਾ ਸ੍ਰ ਹਰਬੰਸ ਸਿੰਘ ਜੀ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਬੀਤੇ ਕੱਲ੍ਹ 16 ਜੁਲਾਈ ਨੂੰ ਸ੍ਰ ਹਰਬੰਸ ਸਿੰਘ ਜੀ ਦੇ ਨਮਿੱਤ ਤਿੰਨ ਰੋਜ਼ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਨ੍ਹਾਂ ਦੇ ਗ੍ਰਹਿ ਪਾਏ ਗਏ ਅਤੇ ਭੋਗ ਤੋਂ ਉਪਰੰਤ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਸਮਾਗਮ ਕਰਵਾਇਆ ਗਿਆ ਇਸ ਮੌਕੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਹੁਕਮ ਨੂੰ ਮੰਨਦਿਆਂ ਹੋਇਆਂ ਗੁਰਬਾਣੀ ਸਰਵਣ ਕਰਨ ਲਈ ਬੇਨਤੀ ਕੀਤੀ ਇਸ ਮੌਕੇ ਸ਼ਰਧਾਂਜਲੀ ਸਮਾਰੋਹ ਚ ਵਿਸ਼ੇਸ਼ ਤੌਰ ਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਸ੍ਰ ਹਰਬੰਸ ਸਿੰਘ ਜੀ ਨੂੰ ਸਰਧਾ ਦੇ ਫੁੱਲ ਭੇਟ ਕੀਤੇ ਆਖ਼ਰ ਵਿੱਚ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸ਼ਰਧਾਂਜਲੀ ਸਮਾਰੋਹ ਸਬੰਧੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਇਸ ਮੌਕੇ ਹਜ਼ੂਰੀ ਰਾਗੀ ਭਾਈ ਪ੍ਰਗਟ ਸਿੰਘ, ਚਾਚਾ ਪ੍ਰਗਟ ਸਿੰਘ ਚਾਚਾ, ਅਮਨਦੀਪ ਸਿੰਘ ਡੱਡੂਆਣਾ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਦਰਸ਼ਨ ਸਿੰਘ ਜਾਣੀਆਂ, ਨਗਰ ਕੌਂਸਲ ਜੰਡਿਆਲਾ ਗੁਰੂ ਦੇ ਸਾਬਕਾ ਪ੍ਰਧਾਨ ਰਵਿੰਦਰਪਾਲ ਸਿੰਘ ਕੁੱਕੂ, ਕੌਂਸਲ ਜਤਿੰਦਰ ਸਿੰਘ ਨਾਟੀ, ਜਸਵੰਤ ਸਿੰਘ ਆਰੇਵਾਲੇ ਜੋਤੀਸਰ, ਸਿਮਰਨਜੀਤ ਸਿੰਘ ਢਾਬੇ ਵਾਲਾ, ਭਾਈ ਮਨਦੀਪ ਸਿੰਘ, ਜਸਬੀਰ ਸਿੰਘ ਮੱਲੀਆਣਾਂ ਤਰਲੋਕ ਸਿੰਘ ਬਿੱਟਾ, ਸੁਖਜਿੰਦਰ ਸਿੰਘ ਸੁੱਖਾ, ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਪ੍ਰਧਾਨ ਰਣਬੀਰ ਸਿੰਘ ਪੱਪੀ, ਡਾ ਬਲਬੀਰ ਸਿੰਘ, ਗੁਰਿੰਦਰ ਸਿੰਘ ਗੋਲਾ ਸਬਜੀ ਵਾਲਾ, ਮੁਖਵਿੰਦਰ ਸਿੰਘ ਬੈਂਕ ਵਾਲੇ, ਭਾਈ ਇੰਦਰ ਸਿੰਘ ਪੈਟੀਆ ਵਾਲੇ, ਨਿਰਮਲ ਸਿੰਘ ਬਖਸ਼ੀਸ਼ ਸਿੰਘ ਆਦਿ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ।



ਆਵਾਜ਼ਿ ਕੌਮ AWAZE QAUM International Newspaper & WEB TV

### ਬਿਜਲੀ ਮੰਤਰੀ ਵਿਰੁੱਧ ਵੱਖ-ਵੱਖ ਜਥੇਬੰਦੀਆਂ ਵੱਲੋਂ

# ਤਲਵਿੰਦਰ ਸਿੰਘ ਦੀ ਸਿਆਸੀ ਅਧਾਰ ਤੇ ਕੀਤੀ ਬਦਲੀ ਦੇ ਵਿਰੋਧ ਚ ਦਿੱਤਾ ਧਰਨਾ ਅਤੇ ਕੱਢਿਆ ਰੋਸ ਮਾਰਚ

**ਜੰਡਿਆਲਾ ਗੁਰੂ, 17 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਅੱਜ ਪੀ.ਐਸ.ਪੀ.ਸੀ.ਐਲ ਦੀ ਡਵੀਜ਼ਨ ਜੰਡਿਆਲਾ ਗੁਰੂ ਵਿਖੇ ਦਿਹਾਤੀ ਸਰਕਲ ਅੰਮ੍ਰਿਤਸਰ ਦਾ ਸਰਕਲ ਪੱਧਰ ਦਾ ਰੋਸ ਧਰਨਾ ਟੈਕਨੀਕਲ ਸਰਵਿਸ ਯੂਨੀਅਨ ਦੀ ਅਗਵਾਈ ਵਿੱਚ ਪੀ ਐਸ ਏ ਬੀ ਇੰਪਲਾਈਜ ਫੈਡਰੇਸ਼ਨ ਏਟਕ ਪੈਨਸ਼ਨ ਐਸੋਸੀਏਸ਼ਨ ਸੰਯੁਕਤ ਕਿਸਾਨ ਮੋਰਚਾ ਕੁਲ ਹਿੰਦ ਦਿਹਾਤੀ ਮਜ਼ਦੂਰ ਸਭਾ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਡੈਮੋਕਰੇਟਿਵ ਮੁਲਾਜ਼ਮ ਫਰੰਟ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨਾਲ ਗਜਟਿਡ ਫਾਰੈਸਟ ਆਫ਼ੀਸਰ ਯੂਨੀਅਨ ਪੈਰਾਂ ਮੈਡੀਕਲ ਸਿਹਤ ਕਾਮੇ, ਪੁਰਾਣੀ ਪੈਨਸ਼ਨ ਬਗਲੀ ਕਮੇਟੀ ਅਤੇ ਹੋਰ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈਕੇ ਸਾਥੀ ਕੁਲਦੀਪ ਸਿੰਘ ਉਦੋਕੇ ਸਰਕਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਬਿਜਲੀ ਮੰਤਰੀ ਦੇ ਖਿਲਾਫ ਵਿਸ਼ਾਲ ਰੋਸ ਰੈਲੀ ਕਰਕੇ ਜੰਡਿਆਲਾ ਸ਼ਹਿਰ ਵਿਚ ਰੋਸ ਮਾਰਚ ਕੱਢਿਆ ਗਿਆ ਇਹ ਰੋਸ ਧਰਨਾ ਰੈਲੀ ਸਾਥੀ ਤਲਵਿੰਦਰ ਸਿੰਘ ਲਾਈਨਮੈਨ ਦੀ ਸਤਾ ਨਸ਼ੇ ਵਿਚ ਦੂਰ ਬਿਜਲੀ ਮੰਤਰੀ ਵੱਲੋਂ ਬਾਰ ਬਾਰ ਕੀਤੀ ਜਾ ਰਹੀ ਬਦਲੀ ਦੇ ਵਿਰੋਧ ਵਿਚ ਦਿੱਤਾ ਗਿਆ ਬਿਜਲੀ ਵੱਲੋਂ ਬਿਆਨ ਸੀ ਰੰਜਿਸ਼ ਰਖਦੇ ਹੋਏ ਧੱਕੇਸ਼ਾਹੀ ਨਾਲ ਇਹ ਨਜਾਇਜ਼ ਬਦਲੀ ਮਿਤੀ 07-06-24 ਨੂੰ ਸਬਡਵੀਜ਼ਨ ਟਾਂਗਰਾ ਤੋਂ ਡਵੀਜ਼ਨ ਹੁਸ਼ਿਆਰਪੁਰ ਦੀ ਕਰ ਦਿੱਤੀ ਗਈ ਇਥੇ ਹੀ ਬਸ ਨਹੀਂ ਬਿਜਲੀ ਮੰਤਰੀ ਮਕਸਿਕੋ ਦੇ ਉਚ ਅਧਿਕਾਰੀਆਂ ਤੇ ਦਬਾਅ ਪਾ ਕੇ ਧੱਕੇਸ਼ਾਹੀ ਨਾਲ ਜਬਰੀ ਰਲੀਵ ਮਿਤੀ 11-06-24 ਨੂੰ ਕਰਵਾਂ ਦਿੱਤਾ ਗਿਆ ਅਤੇ ਬਹਾਨਾ ਬਣਾਇਆ ਗਿਆ ਕਿ ਤਲਵਿੰਦਰ ਸਿੰਘ ਲਾਈਨਮੈਨ ਲੋਕ ਸਭਾ ਚੋਣਾਂ ਵਿੱਚ ਵੋਟਾਂ ਨਹੀਂ ਪਾਇਆ ਜਿਸ ਸਾਥੀ ਦੀ ਬਦਲੀ ਕੀਤੀ ਗਈ ਉਸ ਵਿਰੁੱਧ ਮਹਿਕਮਾ ਪ੍ਰਤੀ ਮਹਿਕਮੇ ਨਾਲ ਧੋਖਾ ਫਰੇਬ ਕਰਨ ਸਬੰਧੀ ਜਾਂ ਬਿਜਲੀ ਚੋਰੀ ਕਰਨ ਸਬੰਧੀ ਕੋਈ ਵੀ ਸ਼ਿਕਾਇਤ ਉਚ ਅਧਿਕਾਰੀਆਂ ਵੱਲੋਂ ਬਿਜਲੀ ਮੰਤਰੀ ਦੇ ਦਬਾਅ ਹੇਠ ਇਹ ਨਜਾਇਜ਼ ਬਦਲੀ ਕੀਤੀ ਗਈ ਪ੍ਰੰਤੂ ਜਥੇਬੰਦੀ ਦੇ ਆਗੂਆਂ ਨੇ ਉਚ ਅਧਿਕਾਰੀਆਂ, ਪੁਲੀਸ ਪ੍ਰਸ਼ਾਸਨ ਅਤੇ ਬਿਜਲੀ ਮੰਤਰੀ ਨਾਲ ਪੱਤਰ ਵਿਗਲ ਕਰਦੇ ਹੋਏ ਮੰਗ ਕੀਤੀ ਗਈ ਕਿ ਸਮਾਂ ਦੇ ਕੇ ਮੀਟਿੰਗ ਕਰਕੇ ਇਸ ਮਸਲੇ ਨੂੰ ਸੁਲਝਾਉਣ ਲਈ ਕੋਈ ਹੱਲ ਕੱਢਿਆ ਜਾਵੇ ਪਰ ਸਤਾ ਦੇ ਨਸ਼ੇ ਵਿਚ ਦੂਰ ਬਿਜਲੀ ਮੰਤਰੀ ਨੇ ਨਾ ਤਾਂ ਜਥੇਬੰਦੀ ਦੇ ਆਗੂਆਂ ਨਾਲ ਨਾ ਹੀਂ ਸਾਡੇ ਉਚ ਅਧਿਕਾਰੀਆਂ ਨਾਲ ਆਪਣੇ ਕਿਸੇ ਨੁਮਾਇੰਦੇ ਜਾਂ ਬਿਜਲੀ ਮੰਤਰੀ ਨੇ ਖੁਦ ਬੈਠ ਕੇ ਗਲਬਾਤ ਰਾਹੀਂ ਇਸ ਮਸਲੇ ਦਾ ਹੱਲ ਕੱਢਣ ਲਈ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਤਾਂ ਜਥੇਬੰਦੀ ਨੂੰ ਮਜ਼ਬੂਰਨ ਅੱਜ ਦਾ ਇਹ ਵਿਸ਼ਾਲ ਧਰਨਾ ਦੇਣ ਉਪਰੰਤ ਰੋਸ ਮਾਰਚ ਕੱਢਣਾ ਪਿਆ ਜੇਕਰ ਫਿਰ ਵੀ ਬਦਲੀ ਰੱਦ ਨਹੀਂ ਹੁੰਦੀ ਤਾਂ ਜਥੇਬੰਦੀ ਮਜਬੂਰ ਹੋ ਕੇ ਤਿੱਖੇ ਸੰਘਰਸ਼ ਕਰਦੀ ਹੋਈ ਲੜਦੀ ਰਹੇਗੀ ਅਤੇ ਪੂਰੇ ਸਰਕਲ ਅੰਦਰ ਆਉਂਦੀਆਂ ਸਾਰੀਆਂ ਡਵੀਜ਼ਨਾਂ ਵਿਚ ਬਿਜਲੀ ਮੰਤਰੀ ਦੀ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ ਇਹਨਾਂ ਸੰਘਰਸ਼ਾਂ ਦੇ ਚੱਲਦਿਆਂ ਜੇਕਰ ਆਮ ਪਬਲਿਕ, ਖਪਤਕਾਰ, ਕਿਸਾਨਾਂ ਨੂੰ ਕਿਸੇ ਕਿਸਮ ਦੀ ਬਿਜਾਈ ਸਬੰਧੀ ਮੁਸ਼ਿਕਲ ਆਉਂਦੀ ਹੈ ਤਾਂ ਇਸ ਦੀ ਸਾਰੀ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਬਿਜਲੀ ਮੰਤਰੀ ਅਤੇ ਉਚ ਅਧਿਕਾਰੀਆਂ ਦੀ ਹੋਵੇਗੀ ਇਸ ਰੈਲੀ ਨੂੰ ਸਾਥੀ ਜੈਮਲ ਸਿੰਘ, ਪ੍ਰਗਟ ਸਿੰਘ, ਅਵਤਾਰ ਸਿੰਘ, ਸੰਜੀਵ ਸੈਣੀ, ਗੁਰਪ੍ਰੀਤ ਸਿੰਘ ਜੱਸਲ, ਜਗਤਾਰ ਸਿੰਘ ਉੱਪਲ, ਜਰਮਨਜੀਤ ਸਿੰਘ, ਡਾ ਗੁਰਮੇਜ ਸਿੰਘ, ਮੁਖਤਾਰ ਸਿੰਘ ਮੁਗਵਾ, ਕੁਲਦੀਪ ਸਿੰਘ ਖੰਨਾ, ਗੁਰਦੀਪ ਸਿੰਘ ਬਾਜਵਾ, ਰਣਬੀਰ ਸਿੰਘ ਉੱਪਲ, ਹੀਰਾ ਸਿੰਘ ਭੱਟੀ, ਹਰਪ੍ਰੀਤ ਸਿੰਘ ਬੂਟਾਰੀ, ਪ੍ਰਭਜੀਤ ਸਿੰਘ ਤਿੰਮੋਵਾਲ, ਰਵਿੰਦਰ ਸਿੰਘ ਛੱਜਲਵੱਡੀ, ਅਮਰੀਕ ਸਿੰਘ ਦਾਊਦ, ਬਲਕਾਰ ਸਿੰਘ ਦੁਧਾਲਾ, ਰਾਮ ਲੁਭਾਇਆ, ਸੁਖ ਨੰਦਨ ਸਿੰਘ ਸੈਣੀਆਂ, ਬਲਵਿੰਦਰ ਸਿੰਘ ਦੁਧਾਲਾ, ਨਰਿੰਦਰ ਸਿੰਘ ਗਿੱਲ ਆਦਿ ਬੁਲਾਰਿਆਂ ਨੇ ਬੋਲਦਿਆਂ ਬਿਜਲੀ ਮੰਤਰੀ ਪੰਜਾਬ ਸਰਕਾਰ, ਅਤੇ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ ਜਮ ਕੇ ਨਾਅਰੇਬਾਜ਼ੀ ਕੀਤੀ ਅਤੇ ਮੰਗ ਕੀਤੀ ਕਿ ਸਿਆਸੀ ਅਧਾਰ ’ਤੇ ਕੀਤੀ ਬਦਲੀ ਨੂੰ ਤੁਰੰਤ ਰੱਦ ਕੀਤੀ ਜਾਵੇ ਅਤੇ ਹੋਰਨਾਂ ਮੁਲਾਜ਼ਮਾਂ ਤੇ ਰੰਜਿਸ਼ ਤਹਿਤ ਨਜ਼ਾਇਜ ਤੌਰ ਕੀਤੀਆ ਜਾ ਰਹੀਆ ਮਨਮਾਨੀਆਂ ਕਾਰਵਾਈਆਂ ਬੰਦ ਕੀਤੀਆਂ ਜਾਣ।



ਆਵਾਜ਼ਿ ਕੌਮ AWAZE QAUM International Newspaper & WEB TV

# ਬੈਸਟ ਫੋਟੋਗਰਾਫਰ ਵੈਲਫੇਅਰ ਐਸੋਸੀਏਸ਼ਨ ਬਟਾਲਾ ਵਿਖੇ ਨਿਕੋਨ ਕੈਮਰੇ ਦੀ ਵਰਕਸ਼ਾਪ ਲਗਾਈ ਗਈ




**ਚੌਕ ਮਹਿਤਾ, 17 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਹ ਵਰਕਸ਼ਾਪ ਪ੍ਰਧਾਨ ਸੁਖਵਿੰਦਰ ਸਿੰਘ ਧੁੱਪ ਸੜੀ ਦੀ ਯੋਗ ਅਗਵਾਈ ਹੇਠ ਲਗਾਈ ਇਸ ਮੌਕੇ ਤੇ ਨਿਕੋਣ ਕੰਪਨੀ ਦੇ ਡਿਪਟੀ ਮੈਨੇਜਰ ਰਜੇਸ਼ ਕੁਮਾਰ ਅਤੇ ਵਿਸ਼ੇਸ਼ ਤੌਰ ਤੇ ਪਹੁੰਚੇ ਸਿੱਧੂ ਰਸਪਾਲ ਹਰਪ੍ਰੀਤ ਸਿੰਘ ਜੀ ਨੇ ਬੜੇ ਵਿਸਥਾਰ ਰੂਪ ਦੇ ਵਿੱਚ ਫੋਟੋਗਰਾਫਰ ਨੂੰ ਨਿਕੋਨ ਕੈਮਰੇ ਬਾਰੇ ਦੱਸਿਆ ਅਤੇ ਉਹਨਾਂ ਨੇ ਕਿਹਾ ਕਿ ਜੋ ਅੱਜ ਕੱਲ ਦਾ ਯੁਗ ਇਲੈਕਟਰੋਨਿਕ ਦਾ ਯੁਗ ਹੈ ਜਿਸ ਵਿੱਚ ਵਧੀਆ ਫੋਟੋਗ੍ਰਾਫੀ ਕਰਨ ਵਾਸਤੇ ਵਧੀਆ ਕੈਮਰਿਆਂ ਦੀ ਲੋੜ ਹੈ ਇਸ ਮੌਕੇ ਤੇ ਉਹਨਾਂ ਨੇ ਨਿਕੋਨ ਜੈਡ 6 ,3 ਕੈਮਰਾ ਵੀ ਪ੍ਰਧਾਨ ਸੁਖਵਿੰਦਰ ਸਿੰਘ ਧੁਪਸੜੀ ਅਤੇ ਸਮੂਹ ਮੈਂਬਰਾਂ ਕੋਲੋਂ ਨਵਾਂ ਕੈਮਰਾ ਲਾਂਚ ਰਸਮੀ ਤੌਰ ਤੇ ਕਰਵਾਇਆ ਗਿਆ ਇਸ ਮੌਕੇ ਤੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਨਿਕੋਨ ਕੰਪਨੀ ਦੇ ਮੈਨੇਜਰ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੇ ਕਿਹਾ ਕਿ ਜੋ ਬਟਾਲਾ ਵਿੱਚ ਵਰਕਸ਼ਾਪ ਨੇ ਨਿਕੋਨ ਕੈਮਰੇ ਤੋਂ ਲਗਾਈ ਗਈ ਹੈ ਉਹ ਇਕ ਬਹੁਤ ਹੀ ਵਧੀਆ ਉਪਰਾਲਾ ਹੈ ਜਿਸ ਨਾਲ ਕਾਫੀ ਫੋਟੋਗ੍ਰਾਫਰਾਂ ਨੂੰ ਇਸ ਬਾਰੇ ਜਾਣਕਾਰੀ ਪ੍ਰਾਪਤ ਹੋਈ ਹੈ ਕੀਤਾ ਇਸ ਮੌਕੇ ਤੇ ਪ੍ਰਧਾਨ ਸੁਖਵਿੰਦਰ ਸਿੰਘ ਧੁੱਪ ਸੜੀ ਸੀਨੀਅਰ ਮੀਤ ਪ੍ਰਧਾਨ ਰਜਿੰਦਰ ਚੌਹਾਨ ਸਰਕਲ ਪ੍ਰਧਾਨ ਕਰਮਜੀਤ ਸਿੰਘ ਲਾਲੀ ਮਹਿਤਾ ਚੌਂਕ ਜਨਰਲ ਸੈਕਟਰੀ ਆਕਾਸ਼ਦੀਪ ਢਿੱਲੋਂ ਕੈਸ਼ੀਅਰ ਕਮਲ ਨੈਨ ਸਹਾਇਕ ਕੈਸ਼ੀਅਰ ਅੰਨਥੀਨ ਮੀਤ ਪ੍ਰਧਾਨ ਦਲਜੀਤ ਸਿੰਘ ਜਿਲਾ ਚੇਅਰਮੈਨ ਮਦਨ ਲਾਲ ਜਿਲਾ ਪ੍ਰਧਾਨ ਦਲਜੀਤ ਸਿੰਘ ਜਿਲਾ ਸੀਨੀਅਰ ਮੀਤ ਪ੍ਰਧਾਨ ਜੀਵਨ ਜਵਾਡ ਸੈਕਟਰੀ ਭਪਿੰਦਰ ਸਿੰਘ ਜਿਲਾ ਸੈਕਟਰੀ ਰਾਜਪਾਲ ਪੀਅਰ ਬਿੱਲਾ ਜਿਲਾ ਮੀਤ ਪ੍ਰਧਾਨ ਮਾਨਵ ਜਿਲਾ ਸੈਕਰਟਰੀ ਰਮਨ ਦਫਤਰ ਇੰਚਾਰਜ ਜਗਦੀਸ਼ ਸਰਕਲ ਪ੍ਰਧਾਨ ਮਨਜੀਤ ਸਿੰਘ ਸਰਵਨ ਸਿੰਘ ਜਿਲਾ ਸੈਕਟਰੀ ਵਿਜੇ ਕੁਮਾਰ ਮਹਾਜਨ ਜੀ ਪ੍ਰਸ ਸਕੱਤਰ ਅਸ਼ੋਕ ਮਹਿਰਾ ਸਰਕਲ ਪ੍ਰਧਾਨ ਵਰਿੰਦਰ ਬਊ ਗੇਜਾ ਸਿੰਘ ਗਿੱਲ ਸਰਕਲ ਪ੍ਰਧਾਨ ਰਾਜਨ ਬਾਬਾ ਬਕਾਲਾ ਗੋਪੀ ਫਤਿਹਗੜ੍ਹ ਚੂੜੀਆਂ ਗੋਲਡੀ ਅਜਨਾਲਾ ਮਾਨ ਬੋਝਾ ਲਾਡੀ ਰੰਗਣ ਨੰਗਲ ਕੁਲਬੀਰ ਮਹਿਤਾ ਚੌਂਕ ਗੁਰਮੀਤ ਤਰਸਿੱਕਾ ਸੁਭ ਮਹਿਤਾ ਸਾਗਰ ਬਾਬਾ ਬਕਾਲਾ ਰਾਜਦੀਪ ਮਹਿਤਾ ਰਾਗਵ ਚੌਹਾਨ ਗੁਰਮੀਤ ਸਿੰਘ ਸਿਕੰਦਰ ਗੋਲਡੀ ਸਰਵਨ ਆਦਿ ਹਾਜਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

# ਫਿਰੋਤੀ ਨਾ ਦੇਣ ਤੇ ਅਣਪਛਾਤਿਆਂ ਨੇ ਚਲਾਈਆਂ ਘਰ ਦੇ ਬਾਹਰ ਗੋਲੀਆਂ

### ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਮੁੱਖ ਸੰਚਾਲਕ ਅਤੇ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਇੰਚਾਰਜ ਹਨ ਮਾਸਟਰ ਨਰਿੰਦਰ ਸਿੰਘ ਬਾਠ



**ਚੌਕ ਮਹਿਤਾ, 17 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਥਾਣਾ ਰੰਗੜ ਨੰਗਲ ਦੇ ਅਧੀਨ ਆਉਂਦੇ ਪਿੰਡ ਵੈਰੋ ਨੰਗਲ ਵਿਖੇ ਫਰੋਤੀ ਨਾ ਦੇਣ ਕਾਰਨ ਅਣਪਛਾਤਿਆਂ ਵੱਲੋਂ ਰਾਤ ਦੇ ਸਮੇਂ ਗੋਲੀਆਂ ਚਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ। ਜਾਣਕਾਰੀ ਦਿੰਦੇ ਹੋਏ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਮੁੱਖ ਸੰਚਾਲਕ, ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਇੰਚਾਰਜ ਮਾਸਟਰ ਨਰਿੰਦਰ ਨਰਿੰਦਰ ਸਿੰਘ ਬਾਠ ਪੁੱਤਰ ਅਜੀਤ ਸਿੰਘ ਨੇ ਦੱਸਿਆ ਕਿ ਕਰੀਬ ਇੱਕ ਮਹੀਨਾ ਪਹਿਲਾਂ ਮੈਨੂੰ ਇੱਕ ਅਗਿਆਤ ਮੋਬਾਇਲ ਨੰਬਰ ਤੋਂ ਫੋਨ ਆਇਆ ਅਤੇ ਮੇਰੇ ਕੋਲੋਂ 10 ਲੱਖ ਰੁਪਏ ਦੀ ਮੰਗ ਕੀਤੀ। ਫਿਰੋਤੀ ਮੰਗਣ ਵਾਲਿਆ ਕਿਹਾ ਕਿ ਜੇਕਰ ਪੈਸੇ ਨਾ ਦਿੱਤੇ ਤਾਂ ਦੇਖ ਲੈਣਾ ਤੁਹਾਡਾ ਹਾਲ ਕੀ ਹੋਵੇਗਾ, ਜਿਸ ਦੀ ਸੂਚਨਾ ਮੈਂ ਥਾਣਾ ਰੰਗੜ ਨੰਗਲ ਦੀ ਪੁਲਿਸ ਨੂੰ ਦਿੱਤੀ। ਉਸ ਤੋਂ ਬਾਅਦ ਪੁਲਿਸ ਵੱਲੋਂ ਕੋਈ ਵੀ ਕਾਰਵਾਈ ਨਾ ਕਰਨ ਤੋਂ ਬਾਅਦ ਲਗਾਤਾਰ ਫਰੋਤੀ ਦੀ ਮੰਗ ਕਰਨ ਵਾਲੇ ਦੇ ਫੋਨ ਆ ਰਹੇ ਸੀ। ਫਿਰੋਤੀ ਦੀ ਰਕਮ ਨਾ ਦੇਣ ਕਰਕੇ ਅੱਜ ਅਣਪਛਾਤੇ ਵਿਅਕਤੀਆਂ ਵੱਲੋਂ ਰਾਤ ਦੇ ਸਮੇਂ ਕਰੀਬ ਤਿੰਨ ਫਾਇਰ ਕੀਤੇ ਗਏ। ਜਿਨਾਂ ਵਿੱਚੋਂ ਦੋ ਫਾਇਰ ਗੇਟ ਦੇ ਨਾਲ ਦੀਵਾਰ ਤੇ ਲੱਗੇ ਅਤੇ ਇੱਕ ਫਾਇਰ ਗੇਟ ਦੇ ਅੰਦਰ ਦੀ ਦੀਵਾਰ ਤੇ ਜਾ ਲੱਗਾ ।ਜਦ ਮੈਂ ਉੱਠ ਕੇ ਦੇਖਿਆ ਤਾਂ ਅਣਪਛਾਤੇ ਵਿਅਕਤੀ ਫਾਇਰ ਕਰਕੇ ਗੁਰਦੁਆਰਾ ਗੁਰੂਆਣਾ ਸਾਹਿਬ ਵਾਲੀ ਸੜਕ ਨੂੰ ਚਲੇ ਗਏ। ਜਿਸ ਦੀ ਸੂਚਨਾ ਥਾਣਾ ਰੰਗੜ ਨੰਗਲ ਨੂੰ ਦਿੱਤੀ। ਮੌਕੇ ਤੇ ਪਹੁੰਚੇ ਥਾਣਾ ਰੰਗੜ ਏ.ਐਸ.ਆਈ ਪਲਵਿੰਦਰ ਸਿੰਘ ਨੇ ਘਟਨਾ ਸਥਾਨ ਦਾ ਜਾਇਜ਼ਾ ਲਿਆ। ਜਦ ਇਸ ਸਬੰਧੀ ਥਾਣਾ ਰੰਗੜ ਨੰਗਲ ਦੇ ਮੁਖੀ ਨਿਸ਼ਾਨ ਸਿੰਘ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਥਾਣੇ ਦਰਖਾਸਤ ਆਈ ਸੀ ਜਿਸ ਤੋਂ ਬਾਅਦ ਘਟਨਾ ਸਥਾਨ ਦਾ ਜਾਇਜ਼ਾ ਲੈ ਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਨੇ 'ਮਿਸ਼ਨ ਸਹਿਯੋਗ' ਤਹਿਤ

# ਨਸ਼ੇ ਦੇ ਮੁਕੰਮਲ ਸਫ਼ਾਏ ਲਈ ਧੂਰੀ ਵਾਸੀਆਂ ਤੋਂ ਸਹਿਯੋਗ ਮੰਗਿਆ



**ਧੂਰੀ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡੀ.ਆਈ.ਜੀ ਪਟਿਆਲਾ ਰੇਂਜ ਹਰਚਰਨ ਸਿੰਘ ਭੁੱਲਰ ਨੇ 'ਮਿਸ਼ਨ ਸਹਿਯੋਗ' ਤਹਿਤ ਅੱਜ ਧੂਰੀ ਵਾਸੀਆਂ ਨੂੰ ਸੱਦਾ ਦਿੱਤਾ ਕਿ ਸਮਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੁਲਿਸ ਤੇ ਪ੍ਰਸ਼ਾਸਨ ਨੂੰ ਵਧ ਚੜ੍ਹ ਕੇ ਸਹਿਯੋਗ ਦਿੱਤਾ ਜਾਵੇ। ਧੂਰੀ ਦੇ ਪ੍ਰਿੰਸ ਵਿਲਾ ਪੈਲੇਸ ਵਿਖੇ ਸੰਗਰੂਰ ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਕਰਵਾਏ ਵਿਸ਼ਾਲ ਜਾਗਰੂਕਤਾ ਸੈਮੀਨਾਰ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਤੇ ਡੀ.ਜੀ.ਪੀ ਪੰਜਾਬ ਗੌਰਵ ਯਾਦਵ ਦੀ ਅਗਵਾਈ ਹੇਠ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਸਫਾਏ ਦਾ ਪੂਰੇ ਤਨ ਤੇ ਮਨ ਨਾਲ ਤਹੱਈਆ ਕੀਤਾ ਗਿਆ ਹੈ ਜਿਸ ਨੂੰ ਪੂਰਾ ਕਰਨ ਲਈ ਹਰੇਕ ਨਾਗਰਿਕ ਨੂੰ ਅੱਗੇ ਆਉਣਾ ਚਾਹੀਦਾ ਹੈ। ਡੀ.ਆਈ.ਜੀ ਨੇ ਕਿਹਾ ਕਿ ਜਿਹੜੇ ਵਿਅਕਤੀ ਗਲਤ ਸੰਗਤ ਵਿੱਚ ਪੈ ਕੇ ਨਸ਼ਿਆਂ ਦੀ ਬਿਮਾਰੀ ਦਾ ਸ਼ਿਕਾਰ ਹੋ ਗਏ ਹਨ ਉਨ੍ਹਾਂ ਨੂੰ ਇਸ ਕੋਹੜ ਰੂਪੀ ਦਲਦਲ ਵਿੱਚੋਂ ਕੱਢਣ ਲਈ ਵੀ ਸਾਨੂੰ ਸਾਰਿਆਂ ਨੂੰ ਜਾਗਰੂਕ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਪ੍ਰਬੰਧਾਂ ਹੇਠ ਚੱਲ ਰਹੇ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚ ਨਸ਼ਿਆਂ ਦੇ ਰੋਗ ਦਾ ਮਿਆਰੀ ਇਲਾਜ ਕਰਨ ਲਈ ਹਰ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਜਿਹੜੇ ਵੀ ਵਿਅਕਤੀ ਆਪਣੀ ਦ੍ਰਿੜ ਇੱਛਾ ਸ਼ਕਤੀ ਨਾਲ ਇਸ ਮਾੜੀ ਕੁਰੀਤੀ ਵਿੱਚੋਂ ਨਿਕਲ ਕੇ ਤੰਦਰੁਸਤ ਹੋਣਗੇ ਉਨ੍ਹਾਂ ਨੂੰ ਕੌਮੀ ਦਿਹਾੜਿਆਂ ਮੌਕੇ ਸਨਮਾਨਤ ਕੀਤਾ ਜਾਵੇਗਾ। ਹਰਚਰਨ ਸਿੰਘ ਭੁੱਲਰ ਨੇ ਇਹ ਵੀ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੇ ਜਿਹੜੇ ਪਿੰਡ ਜਾਂ ਸ਼ਹਿਰੀ ਵਾਰਡ ਨਸ਼ਿਆਂ ਤੋਂ ਮੁਕੰਮਲ ਤੌਰ 'ਤੇ ਮੁਕਤ ਹੋਣਗੇ ਉਨ੍ਹਾਂ ਨੂੰ ਵੀ ਅਜਿਹੇ ਸੈਮੀਨਾਰਾਂ ਦੌਰਾਨ ਜ਼ਿਲ੍ਹਾ ਪੁਲਿਸ ਦੀ ਤਰਫੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੇ ਹਰ ਪਿੰਡ ਵਿੱਚ ਖੇਡ ਸਭਿਆਚਾਰ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਸਾਡੇ ਬੱਚੇ ਤੇ ਨੌਜਵਾਨ ਖੇਡਾਂ ਵਿੱਚ ਹਿੱਸਾ ਲੈ ਕੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਮਾਪਿਆਂ ਤੇ ਸਕੂਲੀ ਅਧਿਆਪਕਾਂ ਦਾ ਵੀ ਇਹ ਨੈਤਿਕ ਫਰਜ ਬਣਦਾ ਹੈ ਕਿ ਉਹ ਵਿਦਿਆਰਥੀਆਂ ਦੀਆਂ ਆਦਤਾਂ, ਦੋਸਤਾਂ ਸਮੇਤ ਹਰੇਕ ਗਤੀਵਿਧੀ 'ਤੇ ਪੂਰੀ ਚੌਕਸੀ ਰੱਖਣ ਤਾਂ ਜੋ ਬੱਚੇ ਕਿਸੇ ਮਾੜੀ ਸੰਗਤ ਕਾਰਨ ਨਸ਼ਿਆਂ ਜਿਹੀ ਭੈੜੀ ਆਦਤ ਦਾ ਸ਼ਿਕਾਰ ਨਾ ਹੋ ਸਕਣ। ਉਨ੍ਹਾਂ ਕਿਹਾ ਕਿ ਹੁਣ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਨਸ਼ਾ ਰੋਕੂ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਜਿਸ ਵਿੱਚ ਪੁਲਿਸ ਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਨਾਲ ਨਾਲ ਸਮਾਜ ਸੇਵਕਾਂ ਤੇ ਮੋਹਤਬਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ ਜੋ ਪੰਜਾਬ ਦੀ ਜਵਾਨੀ ਨੂੰ ਗੁੰਮਰਾਹ ਹੋਣ ਤੋਂ ਰੋਕਣ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ। ਉਨ੍ਹਾਂ ਨੇ ਜ਼ਿਲ੍ਹੇ ਦੇ ਨੌਜਵਾਨ ਵਰਗ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਨਿਰੰਤਰ ਕਾਰਜਸ਼ੀਲ ਰਹਿਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਨਾਗਰਿਕ ਨਸ਼ਿਆਂ ਦਾ ਕਾਲਾ ਕਾਰੋਬਾਰ ਕਰਨ ਵਾਲੇ ਮਾੜੇ ਅਨਸਰਾਂ ਬਾਰੇ ਪੁਲਿਸ ਜਾਂ ਪ੍ਰਸ਼ਾਸਨ ਨਾਲ ਜਾਣਕਾਰੀ ਸਾਂਝੀ ਕਰੇਗਾ ਤਾਂ ਉਸ ਦਾ ਨਾਮ ਤੇ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ। ਆਪਣੇ ਸੰਬੋਧਨ ਦੌਰਾਨ ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਲੋਕਾਂ ਨੂੰ ਨਸ਼ਿਆਂ ਜਿਹੀ ਸਮਾਜਿਕ ਬੁਰਾਈ ਦੇ ਖਾਤਮੇ ਦੇ ਨਾਲ ਨਾਲ ਸਾਈਬਰ ਕਰਾਈਮ, ਆਨਲਾਈਨ ਧੋਖਾਧੜੀ ਤੋਂ ਬਚਾਅ ਲਈ ਰਾਸ਼ਟਰੀ ਹੈਲਪਲਾਈਨ ਨੰਬਰ 1930 ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਬਾਰੇ ਵਧੇਰੇ ਚੌਕਸ ਹੋਣ ਦੀ ਲੋੜ ਹੈ ਕਿ ਆਪਣੇ ਪੈਸੇ ਦੀ ਖੁਦ ਹਿਫਾਜ਼ਤ ਕੀਤੀ ਜਾਵੇ ਅਤੇ ਫੋਨ ਜਾਂ ਵਟਸਐਪ ਰਾਹੀਂ ਆਉਣ ਵਾਲੀਆਂ ਕਾਲਾਂ ਦੇ ਬਹਿਕਾਵੇ ਵਿੱਚ ਨਾ ਆਇਆ ਜਾਵੇ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਦੇ ਦੋਸਤ ਬਣਨ ਦੀ ਲੋੜ ਹੈ ਤਾਂ ਜੋ ਬੱਚੇ ਆਪਣੇ ਦਿਲ ਦੀ ਸਾਂਝ ਲਗਾਤਾਰ ਆਪਣੇ ਮਾਪਿਆਂ ਨਾਲ ਪਾਉਂਦੇ ਰਹਿਣ ਅਤੇ ਜਿੰਦਗੀ ਦੇ ਕਿਸੇ ਵੀ ਪੜਾਅ 'ਤੇ ਆਪਣੇ ਆਪ ਨੂੰ ਅਸੁਰੱਖਿਅਤ ਜਾਂ ਇਕੱਲਾ ਮਹਿਸੂਸ ਨਾ ਕਰਨ। ਇਸ ਮੌਕੇ ਉਦਯੋਗਪਤੀ ਡਾ. ਏ.ਆਰ. ਸ਼ਰਮਾ ਨੇ ਕਿਹਾ ਕਿ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚੋਂ ਤੰਦਰੁਸਤ ਹੋ ਕੇ ਘਰਾਂ ਨੂੰ ਪਰਤਣ ਵਾਲਿਆਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਉਹ ਵਚਨਬੱਧ ਹਨ। ਇਸ ਮੌਕੇ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ, ਐਸ.ਐਸ.ਪੀ ਸਰਤਾਜ ਸਿੰਘ ਚਾਹਲ ਸਮੇਤ ਹੋਰਨਾਂ ਸ਼ਖਸ਼ੀਅਤਾਂ ਨੇ ਵਣ ਮਹਾਂਉਤਸਵ ਤਹਿਤ ਬੂਟੇ ਵੀ ਲਗਾਏ। ਸੈਮੀਨਾਰ ਦੌਰਾਨ ਮੌਜੂਦ ਸੀਨੀਅਰ ਆਗੂਆਂ ਵਿੱਚ ਰਾਜਵੰਤ ਸਿੰਘ ਘੁੱਲੀ, ਅਸ਼ੋਕ ਕੁਮਾਰ ਲੱਖਾ, ਸਤਿੰਦਰ ਸਿੰਘ ਚੱਠਾ, ਅਨਵਰ ਭਸੌੜ, ਮੱਖਣ ਲਾਲ ,ਰਣਜੋਧ ਸਿੰਘ ਕਾਂਝਲਾ, ਭਿੰਦਾ ਵਿਰਕ ,ਬਿੱਲਾ ਸਾਹੀਵਾਲ ,ਅਰਵਿੰਦ ਸਰਮਾ ਜੋਨੀ ਨਾਭਾ, ਸਮੇਤ ਹੋਰ ਵੱਡੀ ਗਿਣਤੀ ਵਿੱਚ ਸ਼ਖਸੀਅਤਾਂ ਤੇ ਪੁਲਿਸ ਅਧਿਕਾਰੀ ਵੀ ਹਾਜ਼ਰ ਸਨ।

### ਐਸ.ਐਸ.ਪੀ ਸਰਤਾਜ ਸਿੰਘ ਚਾਹਲ ਨੇ ਸਾਈਬਰ ਕ੍ਰਾਈਮ ਅਤੇ ਆਨਲਾਈਨ ਧੋਖਾਧੜੀ ਤੋਂ ਬਚਣ ਲਈ ਕੀਤਾ ਸੁਚੇਤ

ਆਵਾਜ਼ਿ ਕੌਮ AWAZE QAUM International Newspaper & WEB TV

### ਸੰਤ ਭਿੰਡਰਾਂਵਾਲਿਆਂ ਦੇ ਭਰਾ ਭਾਈ ਹਰਜੀਤ ਸਿੰਘ ਦੇ

# ਅਕਾਲ ਚਲਾਣੇ 'ਤੇ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਵੀਹਵੀਂ ਸਦੀ ਦੇ ਮਹਾਨ ਸਿੱਖ, ਜਰਨੈਲਾਂ ਦੇ ਜਰਨੈਲ ਅਤੇ ਦਮਦਮੀ ਟਕਸਾਲ ਦੇ ਚੌਦਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਵੱਡੇ ਭਰਾ ਭਾਈ ਹਰਜੀਤ ਸਿੰਘ ਜੀ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਦੇ ਸਰੀਰਕ ਵਿਛੋੜੇ 'ਤੇ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਦਾਸ ਨੂੰ ਭਾਈ ਹਰਜੀਤ ਸਿੰਘ ਨੂੰ ਮਿਲਣ ਦਾ ਸੁਭਾਗ ਪ੍ਰਾਪਤ ਹੋਇਆ ਸੀ, ਉਹਨਾਂ ਨੇ ਸੰਤ ਭਿੰਡਰਾਂਵਾਲਿਆਂ ਅਤੇ ਸਿੱਖ ਸੰਘਰਸ਼ ਸੰਬੰਧੀ ਅਨੇਕਾਂ ਬਚਨ ਸਾਡੇ ਨਾਲ ਸਾਂਝੇ ਕੀਤੇ ਸਨ ਤੇ ਰੋਡੇ ਪਿੰਡ ਦੇ ਸ਼ਹੀਦਾਂ ਦੇ ਪਰਿਵਾਰਾਂ ਬਾਰੇ ਵੀ ਦੱਸਿਆ ਸੀ। ਜਿਸ ਸਮੇਂ ਅਸੀਂ ਰੋਡੇ ਪਿੰਡ ਗਏ ਸਾਂ ਤਾਂ ਉਸ ਸਮੇਂ ਸੰਤ ਭਿੰਡਰਾਂਵਾਲਿਆਂ ਦੇ ਵੱਡੇ ਭਰਾਤਾ ਕੈਪਟਨ ਹਰਚਰਨ ਸਿੰਘ ਰੋਡੇ ਕਾਫ਼ੀ ਬਿਮਾਰ ਸਨ, ਉਹਨਾਂ ਦੇ ਨਾਲ ਸਾਨੂੰ ਭਾਈ ਹਰਜੀਤ ਸਿੰਘ ਨੇ ਹੀ ਮਿਲਾਇਆ ਸੀ, ਉਸ ਦਿਨ ਭਾਈ ਹਰਜੀਤ ਸਿੰਘ ਆਪ ਤਾਂ ਕਾਫ਼ੀ ਤੰਦਰੁਸਤ ਸਨ। ਪਰ ਇਹ ਵਾਹਿਗੁਰੂ ਦਾ ਭਾਣਾ ਹੀ ਹੈ ਕਿ ਉਹ ਅਚਾਨਕ ਆਪ ਚੜ੍ਹਾਈ ਕਰ ਗਏ। ਅਰਦਾਸ ਹੈ ਕਿ ਗੁਰੂ ਸਾਹਿਬ ਉਹਨਾਂ ਨੂੰ ਚਰਨਾਂ ਵਿੱਚ ਨਿਵਾਸ ਬਖ਼ਸ਼ਣ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਉਹਨਾਂ ਦੇ ਪਰਿਵਾਰ ਦੀ ਵੱਡੀ ਕੁਰਬਾਨੀ ਤੇ ਦੇਣ ਹੈ। ਸੰਤ ਭਿੰਡਰਾਂਵਾਲਿਆਂ ਨੇ ਸੁੱਤੀ ਹੋਈ ਸਿੱਖ ਕੌਮ ਨੂੰ ਜਗਾਇਆ, ਪੰਥ ਅਤੇ ਪੰਜਾਬ ਦੇ ਹੱਕਾਂ ਲਈ ਧਰਮ ਯੁੱਧ ਮੋਰਚਾ ਲਾਇਆ ਅਤੇ ਜੂਨ 1984 ਵਿੱਚ ਹਿੰਦ ਫ਼ੌਜ ਵੱਲੋਂ ਸ੍ਰੀ ਦਰਬਾਰ ਸਾਹਿਬ ਉੱਤੇ ਕੀਤੇ ਗਏ ਹਮਲੇ ਸਮੇਂ ਸੰਤ ਜਰਨੈਲ ਸਿੰਘ ਨੇ ਚਮਕੌਰ ਦੀ ਗੜ੍ਹੀ ਵਾਲਾ ਸ਼ਾਨਾਮੱਤਾ ਇਤਿਹਾਸ ਦੁਹਰਾਇਆ। ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਪਿਤਾ ਬਾਪੂ ਜੋਗਿੰਦਰ ਸਿੰਘ ਰੋਡੇ ਨੇ ਬਿਖੜੇ ਹਾਲਾਤਾਂ ਵਿੱਚ ਸੰਯੁਕਤ ਅਕਾਲੀ ਦਲ ਦੀ ਪ੍ਰਧਾਨਗੀ ਕੀਤੀ ਅਤੇ ਘੱਲੂਘਾਰੇ ਵਿੱਚ ਸੰਤ ਭਿੰਡਰਾਂਵਾਲਿਆਂ ਦੇ ਭਰਾ ਭਾਈ ਜਗੀਰ ਸਿੰਘ ਅਤੇ ਭਤੀਜੇ ਭਾਈ ਸਵਰਨ ਸਿੰਘ ਰੋਡੇ ਵੀ ਸ਼ਹੀਦੀ ਦਾ ਜਾਮ ਪੀ ਗਏ ਸਨ। ਉਹਨਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਦੇ ਵੱਡੇ ਭਰਾ ਭਾਈ ਹਰਜੀਤ ਸਿੰਘ ਦੇ ਚੜ੍ਹਾਈ ਕਰ ਜਾਣ ਨਾਲ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵਾਤਾਵਰਣ ਦੀ ਸ਼ੁੱਧਤਾ ਅਤੇ ਸਾਂਭ ਸੰਭਾਲ ਲਈ ਲਾਏ ਬੂਟੇ



ਫਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵੱਧ ਰਿਹਾ ਗਰਮੀ ਦਾ ਪ੍ਰਕੋਪ ਅਤੇ ਵਾਤਾਵਰਣ ਦੀ ਸ਼ੁਧਤਾ ਅਤੇ ਸਾਂਭ ਸੰਭਾਲ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹੋਇਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਿਹਾ ਕਿ ਸਾਨੂੰ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ—ਸੰਭਾਲ ਦਾ ਜਿੰਮਾ ਚੁੱਕਣਾ ਚਾਹੀਦਾ ਹੈ ਤਾਂ ਜ਼ੋ ਸਾਡੇ ਹੱਥੀਂ ਲੱਗਾ ਬੂਟਾ ਵੱਧ ਫੁੱਲ ਸਕੇ। ਇਸ ਮੌਕੇ ਬੂਟਾ ਲਗਾਉਣ ਮੁਹਿਮ ਦਾ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਜ ਆਪਣੇ ਕਰ ਕਮਲਾਂ ਨਾਲ ਬੂਟੇ ਲਾ ਕੇ ਸ਼ੁਰੂਆਤ ਕੀਤੀ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਆਖਿਆ ਕਿ ਸਾਨੂੰ ਆਪਣੀ ਜਿੰਦਗੀ ਵਿਚ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ, ਕਿਉਂਕਿ ਇਸ ਵੇਲੇ ਗਰਮੀ ਦਾ ਪ੍ਰਕੋਪ ਏਨਾ ਵੱਧ ਗਿਆ ਹੈ ਅਤੇ ਤਾਪਮਾਨ ਜ਼ੋ ਕਿ 50—55 ਤੱਕ ਪਹੁੰਚ ਗਿਆ ਹੈ, ਇਸ ਵੇਲੇ ਏਨ੍ਹੀ ਗਰਮੀ ਪਈ ਹੈ, ਪਹਿਲਾਂ ਏਨੀ ਗਰਮੀ 1972 ਵਿਚ ਪਈ ਸੀ। ਬਾਬਾ ਜੀ ਨੇ ਅੱਗੇ ਆਖਿਆ ਕਿ ਸਾਡੇ ਪੰਜਾਬ ਵਿਚ ਧੜਾ—ਧੜ ਦਰੱਖਤ ਪੁਟੇ ਜਾ ਰਹੇ ਹਨ, ਜਿਵੇਂ ਪੰਜਾਬ ਵਿਚ ਵੱਡੀਆਂ ਸੜਕਾਂ ਬਨਾਉਣ ਲਈ 50—60 ਸਾਲ ਦੇ ਦਰੱਖਤ ਜ਼ੋ ਕਿ ਕਈ ਲੱਖਾਂ ਦੀ ਤਦਾਦ ਵਿਚ ਸਨ ਪੁੱਟ ਦਿੱਤੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਇਨ੍ਹਾਂ ਰੁੱਖਾਂ ਨੂੰ ਹਰ ਜਗ ?ਹਾ ਜਿਥੇ ਵੀ ਥਾਂ ਮਿਲੇ ਲਾ ਦੇਣਾ ਚਾਹੀਦਾ ਹੈ, ਇਨ੍ਹਾਂ ਨਾਲ ਸਾਨੂੰ ਸ਼ੁੱਧ ਹਵਾ ਮਿਲੇਗੀ ਅਤੇ ਅਸੀਂ ਕਈ ਬਿਮਾਰੀਆਂ ਤੋਂ ਛੁਟਕਾਰਾ ਮਿਲੇਗਾ ਅਤੇ ਸਾਡਾ ਆਲਾ—ਦੁਆਲਾ ਹਰਾ ਭਰਾ ਰਹੇਗਾ। ਉਨ੍ਹਾਂ ਕਿਹਾ ਕਿ ਰੁੱਖ ਸਾਨੂੰ ਆਕਸੀਜਨ ਦਿੰਦੇ ਹਨ, ਜਿਵੇਂ ਕਿ ਪਿੱਪਲ ਜ਼ੋ ਕਿ 24 ਘੰਟੇ ਆਕਸੀਜਨ ਦਿੰਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਰੁੱਖ ਆਪ ਗਰਮੀ ਸਰਦੀ ਮੀਂਹ ਧੁੱਪ ਸਹਾਰ ਕੇ ਸਾਨੂੰ ਆਸਰਾ ਦਿੰਦੇ ਹਨ ਅਤੇ ਸਾਨੂੰ ਧੁੱਪ ਤੋਂ ਬਚਾਉਂਦਾ ਹੈ। ਬਾਬਾ ਜੀ ਨੇ ਸਮੁੱਚੀ ਲੋਕਾਈ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਰੁੱਖ ਲਗਾ ਕੇ ਇਨ੍ਹਾਂ ਦਾ ਪਾਲਣ ਪੋਸ਼ਣ ਆਪਣੇ ਬੱਚਿਆਂ ਵਾਂਗ ਕਰੋ, ਜੇਕਰ ਸਮੇਂ ਰਹਿੰਦੇ ਅਸੀਂ ਇਸ ਵੱਲ ਧਿਆਨ ਨਾ ਦਿੱਤਾ ਤਾਂ ਅਸੀਂ ਮਾੜੇ ਨਤੀਜੇ ਭੁਗਤਣ ਲਈ ਅਸੀਂ ਖੁਦ ਜਿੰਮੇਵਾਰ ਹੋਵਾਂਗੇ। ਬਾਬਾ ਜੀ ਨੇ ਸਰਕਾਰ ਨੂੰ ਵੀ ਆਖਿਆ ਕਿ ਇਨ੍ਹਾਂ ਰੁੱਖਾਂ ਦੀ ਕਟਾਈ ਤੇ ਬੈਨ ਲਾਉਣਾ ਚਾਹੀਦਾ ਹੈ ਤਾਂ ਜ਼ੋ ਅਸੀਂ ਆਪਣੇ ਮੁਲਕ ਨੂੰ ਬਚਾ ਸਕੀਏ ਤਾਂ ਜ਼ੋ ਸਾਨੂੰ ਬਿਮਾਰੀਆਂ ਤੋਂ ਛੁਟਕਾਰਾ ਮਿਲ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਬੰਦੀ ਵਿਰੋਧੀ ਗਤੀਵਿਧੀਆਂ ਦੇ ਚਲਦਿਆਂ ਸੁਰਿੰਦਰ ਸਿੰਘ ਦੀ ਮੈਂਬਰਸ਼ਿਪ ਵੀ ਕੀਤੀ ਰੱਦ—ਕਿਸਾਨ ਆਗੂ





ਫਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲ੍ਹਾ ਫਿਰੋਜ਼ਪੁਰ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੁਰਿੰਦਰ ਸਿੰਘ ਘੁੱਦੂਵਾਲਾ ਜੋ ਕਿ ਪਹਿਲਾਂ ਬਲਾਕ ਪ੍ਰਧਾਨ ਦੇ ਅਹੁਦੇ ਉਪਰ ਕੰਮ ਕਰਦੇ ਸਨ ਦੀ ਮੈਂਬਰਸਿਪ ਜਥੇਬੰਦੀ ਨੇ ਰੱਦ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕੁਝ ਸਮਾਂ ਪਹਿਲਾ ਉਨ੍ਹਾਂ ਨੂੰ ਇਸ ਅਹੁਦੇ ਤੋਂ ਖਾਰਜ ਕਰ ਦਿੱਤਾ ਸੀ ਲੇਕਿਨ ਜਥੇਬੰਦੀ ਵਿੱਚ ਮੈਂਬਰ ਤੌਰ ਤੇ ਕੰਮ ਕਰ ਰਿਹਾ ਸੀ ਅਤੇ ਸੁਰਿੰਦਰ ਸਿੰਘ ਕਿਸੇ ਵੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋ ਰਿਹਾ ਸੀ, ਜਿਸ ਦੇ ਚਲਦਿਆਂ ਵਾਰ—ਵਾਰ ਕਾਰਨ ਦੱਸੋ ਨੋਟਿਸ ਭੇਜਣ ਦੇ ਬਾਵਜੂਦ ਵੀ ਕੋਈ ਜਵਾਬ ਨਹੀਂ ਦੇ ਰਿਹਾ ਸੀ ਅਤੇ ਬਲਾਕ ਪ੍ਰਧਾਨ ਹੁੰਦੇ ਹੋਏ ਵੀ ਕਿਸੇ ਤਰ੍ਹਾਂ ਦੇ ਫੰਡ ਦਾ ਹਿਸਾਬ ਬਲਾਕ ਅਤੇ ਜ਼ਿਲਾ ਕਮੇਟੀ ਨੂੰ ਨਹੀਂ ਦੇ ਰਿਹਾ ਸੀ ਅੱਜ ਸੁਰਿੰਦਰ ਸਿੰਘ ਜਥੇਬੰਦੀ ਵਿਰੋਧੀ ਗਤੀਵਿਧੀਆਂ ਕਰ ਰਿਹਾ ਹੈ ਇਸ ਕਰਕੇ ਸੁਰਿੰਦਰ ਸਿੰਘ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਮੁਢਲੀ ਮੈਂਬਰਸ਼ਿਪ ਤੋਂ ਖਾਰਜ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅੱਗੇ ਤੋਂ ਸੁਰਿੰਦਰ ਸਿੰਘ ਜਥੇਬੰਦੀ ਦਾ ਨਾਮ ਵਰਤ ਕੇ ਕੋਈ ਕੰਮ ਕਰਵਾਉਂਦਾ ਹੈ ਤਾਂ ਉਸ ਖਿਲਾਫ ਕਾਰਵਾਈ ਕੀਤੀ ਜਾਵੇਗੀ ਅਤੇ ਅਗਰ ਸੁਰਿੰਦਰ ਸਿੰਘ ਕੋਲ ਜਥੇਬੰਦੀ ਦੀ ਕੋਈ ਲੇਟਰ ਪੈਡ ਜਾਂ ਮੋਹਰ ਹੋਏ ਉਸ ਦਾ ਉਹ ਗ਼ਲਤ ਕੰਮ ਲਈ ਵਰਤੋਂ ਕਰੇਗਾ ਤਾ ਉਸ ਖਿਲਾਫ ਜਥੇਬੰਦੀ ਵੱਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV


# ਜਨਮ ਦਿਨ ਮੁਬਾਰਕ





**ਪਰਲੀਨ ਕੌਰ**
ਪਿਤਾ ਗੁਰਵਿੰਦਰ ਸਿੰਘ ( ਮਿੱਠੂ ) ਮਾਤਾ ਹਰਜਿੰਦਰ ਕੌਰ, ਪਿੰਡ ਪੰਜਗਰਾਈਆਂ ਵਾਹਲਾ, ਅੰਮ੍ਰਿਤਸਰ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

# Are We True to the Teachings of Guru Nanak?

By **GURNAM SINGH**

Though I believe he never set out to create a new religion, Guru Nanak is widely acknowledged as the founder of the social/spiritual path of Sikhi, which the Sikh Scholar, Bhai Gurdas, termed the 'unblemished way' or 'nirmal panth'. He is revered across the world, by Sikhs and non-Sikhs for his profound teachings that, rejected all kinds of religious dogmas whilst emphasising a simple life rooted in ethics, spirituality and equality.



For Nanak, the way to liberation, both personal and collective, was through developing a discerning intellect (budh/bibeik), wisdom (gian) and devotional meditation (Naam Simran). However, a critical examination of contemporary Sikh practices reveals a significant divergence from these teachings. This article seeks identify the key essence of Sikh thought and how this has been undermined by many so called Sikhs today.

For Nanak, the way to liberation, both personal and collective, was through developing a discerning intellect (budh/bibeik), wisdom (gian) and devotional meditation (Naam Simran). However, a critical examination of contemporary Sikh practices reveals a significant divergence from these teachings. This article seeks identify the key essence of Sikh thought and how this has been undermined by many so called Sikhs today.

### Way of Life

Guru Nanak envisioned a way of life that transcended the conventional boundaries of religious practices. He sought to instil values of honesty, compassion, humility, and devotion to the divine through everyday actions. However, some interpretations of his teachings have reduced Sikhi to a rigid set of practices which focus more on outward forms of religiosity than on the inner transformation of character and conduct. The emphasis on rituals and formal worship practices directly contradicts Guru Nanak's teachings.

ਆਵਾਜ਼ਿ ਕੌਮ AWAZE QAUM International Newspaper & WEB TV

### Emphasis on Universality

Guru Nanak was a vocal critic of organised religion and how it became a source of division and hate. He was particularly critical of the ritualistic and dogmatic aspects which he believed detracted from the genuine spiritual quest. His message was universal, transcending the confines of any one religion, and he encouraged direct, personal experience of the divine. Ironically, in 'honouring' his legacy, we have institutionalised his teachings into the formal religion of 'Sikhism', complete with its own set of doctrines, symbols, and hierarchical structures. This institutionalisation has led to hierarchical thinking that has led to the very rigidity and exclusion Guru Nanak sought to transcend.

### Primacy of Ethics and Spirituality

At the heart of Guru Nanak's teachings is the primacy of ethics and spirituality. He stressed the importance of labour and righteous living and the internalisation of divine virtues. Yet, contemporary Sikh practice often places disproportionate emphasis on outward appearance, attendance of religious ceremonies, ritualistic praying, and adherence to a growing list of religious dogmas, including giving spiritual significance to symbols and inanimate objects. While symbols have their place, an overemphasis on the physical, as gurbani notes, can detract from the core ethical and spiritual dimensions that Guru Nanak prioritised.

### Rejection of Ritualistic Practices

Guru Nanak was clear in his rejection of religious rituals that he believed created barriers between individuals and the divine. He preached a direct connection with God, unmediated by ritualistic practices and a clergy. Despite this, there appears to be a trend amongst many Sikhs to participate in all kinds of intricate rituals often associated with Hinduism.

### Life Versus Afterlife

Guru Nanak, through the concept of 'jeevan mukti', emphasised the idea of liberation to be experienced in this very life through the realisation of divine truth and living a life of virtue. This worldly liberation involves a transformation of consciousness and a profound sense of unity with the divine. In contrast, some, perhaps many, interpretations of Sikhi focus on preparing for the afterlife, thereby missing the immediacy and present-centred nature of Guru Nanak's message.

### Divine in Nature

For Guru Nanak, the divine permeates all of creation. He emphasises God in nature, in every being, and in every aspect of the universe. Today, sadly, the divine is often localised within the walls of gurdwaras (Sikh temples). While these places of worship play a crucial role in community life and spiritual practice, the tendency to confine the divine to worship of and in 'holy' buildings can limit the expansive vision of Guru Nanak, who saw the whole world as a sacred space.

### Institutionalisation of Pilgrimage

Guru Nanak rejected the practice of religious pilgrimage as a means to attain spiritual merit, advocating instead for a life of ethical conduct and continuous remembrance of God. Nevertheless, pilgrimages to sacred Sikh sites have become commercialised, with many Sikhs travelling to 'famous' gurdwaras across the Indian subcontinent. Were they for educational purposes, then that's perfectly acceptable, but often these trips perpetuate the notion that spiritual merit is tied to specific locations, whereas gurbani emphasises the importance of inner pilgrimage.

### Caste Discrimination

Guru Nanak vehemently opposed social divisions, particularly those based on caste. He envisioned a society where all individuals, regardless of their background, were treated with equality and respect. Yet, caste-based distinctions persist within some Sikh communities, manifesting in social practices and even institutional structures. This persistence of caste contradicts the egalitarian ideals that Guru Nanak championed.

### Equality for Women

Guru Nanak was a progressive advocate for gender equality, recognising the divine in all, regardless of gender. He challenged the patriarchal norms of his time and emphasised the importance of women's participation in all aspects of life. Despite this, women in some Sikh communities continue to face restrictions and are often relegated to traditional roles. The full realisation of Guru Nanak's vision for gender equality remains an ongoing challenge.

### Continuous Reflection

Guru Nanak encouraged continuous reflection on the divine through meditation and remembrance (Naam Simran). This practice is meant to be a spontaneous and heartfelt connection with the divine. However, the establishment of ritualised prayer can lead to an emphasis on more mechanical Sikhi, thus overshadowing the natural, mindful connection with God.

### Shabad Guru

In emphasising the concept of Shabad Guru as the ultimate guide, Guru Nanak rejects the need for intermediaries or religious clergy. The Sikh scripture, Guru Granth Sahib, serves as the eternal Guru for Sikhs. Yes, there is a role for teachers, but the role of religious clergy has grown within Sikh institutions, sometimes undermining the principle of direct access to the divine through the Shabad Guru.

If Guru Nanak appeared in the world today, I often wonder what he would make of Sikhs and their religious practices. I have no doubt that many, perhaps most Sikhs, feel that contemporary practices seen in and around gurdwaras honour many aspects of Guru Nanak's legacy.

However, the over-commercialisation on one hand and ritualisation on the other raise serious concerns about the direction of travel. Today there is a need to refocus Sikhi on the ethical, spiritual, and practical essence of Guru Nanak's message. In doing so we can strive to be more true to the profound vision Guru Nanak bestowed upon humanity.

**GURNAM SINGH**
is an academic activist dedicated to human rights, liberty, equality, social and environmental justice. He is an Associate Professor of Sociology at University of Warwick, UK.
**He can be contacted at Gurnam.singh.1@warwick.ac.uk**



ਗੁਰਮੁਖਿ ਜਨਮੁ ਸਵਾਰਿ ਦਰਗਹਿ ਚਲਿਆ ॥ ਸਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ਸ਼ਰਧਾਂਜਲੀ ਸਮਾਗਮ

ਉਮਰ ਦੇ ੭੩ ਸਾਲਾਂ ਵਿਚੋਂ ੫੩ ਸਾਲ ਸਿੱਖ ਸੰਘਰਸ਼ ਦੇ ਲੇਖੇ ਲਾਉਣ ਵਾਲਾ ਬੇਦਾਗ ਜਲਾਵਤਨ ਸਿੱਖ

- ਪਾਠ ਸ੍ਰੀ ਸੁਖਮਨੀ ਸਾਹਿਬ ਸਮੂਹ ਬੀਬੀਆਂ ਵੱਲੋਂ ੩:੩੦ ਵਜੇ
- ਭੋਗ ਸ੍ਰੀ ਸਹਿਜ ਪਾਠ ੫ ਵਜੇ ਸ਼ਾਮ ਉਪਰੰਤ ਕੀਰਤਨ ਦੀਵਾਨ ਸਜਣਗੇ।

20 ਜੁਲਾਈ, ਸ਼ਨਿੱਚਰਵਾਰ,



ਸਥਾਨ
ਗੁਰਦੁਆਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ
48 KENILWORTH DRIVE,OADBY
LEICESTER
LE2 5LG

ਭਾਈ ਗਜਿੰਦਰ ਸਿੰਘ ਜੀ
19 ਨਵੰਬਰ 1951 – 03 ਜੁਲਾਈ 2024

ਬੇਨਤੀ ਕਰਤਾ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਓਡਬੀ


### ਸਿੱਖ ਕੌਮ ਨੂੰ ਕੋਈ ਵੀ ਵੱਡੇ ਤੋਂ ਵੱਡਾ ਹੁਕਮਰਾਨ ਜਾਂ ਦੁਸਮਣ ਖ਼ਤਮ ਨਹੀਂ ਕਰ ਸਕਦੈ: ਮਾਨ

# ਮਾਨ ਨੇ ਸਕਾਟਲੈਂਡ ਪਾਰਲੀਮੈਂਟ 'ਚ ਸਿੱਖਾਂ 'ਤੇ ਹੋ ਰਹੇ ਜ਼ਬਰ-ਕਤਲ ਵਿਰੁੱਧ ਮਤੇ ਪਾਸ ਕਰਨ ਲਈ ਕੀਤਾ ਧੰਨਵਾਦ



ਨਵੀਂ ਦਿੱਲੀ, 17 ਜੁਲਾਈ (ਆਵਾਜ਼ਿ ਕੌਮ ਬਿਊਰੋ): 1984 ਵਿਚ ਸਿੱਖਾਂ ਦੇ ਹੋਏ ਗੈਰ ਇਨਸਾਨੀਅਤ ਕਤਲੇਆਮ, ਜ਼ਬਰ-ਜੁਲਮ ਵਿਰੁੱਧ ਸਕਾਟਲੈਂਡ, ਕੈਨੇਡਾ, ਅਮਰੀਕਾ ਤੇ ਹੋਰ ਮੁਲਕਾਂ ਵਿਚ ਲਿਖਤੀ ਮਤੇ ਪਾਸ ਕਰਕੇ ਇੰਡੀਅਨ ਹੁਕਮਰਾਨਾਂ ਦੇ ਮਨੁੱਖਤਾ ਵਿਰੋਧੀ ਅਮਲਾਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰ ਰਹੀਆਂ ਹਨ ਤਾਂ ਸਿੱਖ ਕੌਮ ਨੂੰ ਅਜਿਹੀ ਔਖੀ ਘੜੀ ਵਿਚ ਬਿਲਕੁਲ ਵੀ ਇਕੱਲੇ ਮਹਿਸੂਸ ਨਹੀਂ ਕਰਨਾ ਚਾਹੀਦਾ।ਇਥੇ ਇਹ ਵਰਣਨ ਕਰਨਾ ਜਰੂਰੀ ਹੈ ਕਿ ਸਿੱਖ ਤਾਂ ਉਸ ਸਮੇਂ ਵੀ ਕਦੀ ਨਹੀਂ ਘਬਰਾਏ ਜਦੋਂ ਮੁਗਲਾਂ ਵੱਲੋ ਸਿੱਖਾਂ ਦੇ ਸਿਰਾਂ ਦੇ ਮੁੱਲ ਪਾਏ ਗਏ ਸਨ ਉਸ ਸਮੇਂ ਵੀ ਭਾਈ ਬੋਤਾ ਸਿੰਘ, ਭਾਈ ਗਰਜਾ ਸਿੰਘ ਨੇ ਲਾਹੌਰ ਜਾਣ ਵਾਲੀ ਜੀ.ਟੀ ਰੋਡ ਤੇ ਟੈਕਸ ਲਗਾ ਕੇ ਪ੍ਰਤੱਖ ਕਰ ਦਿੱਤਾ ਸੀ ਕਿ ਸਿੱਖ ਕੌਮ ਨੂੰ ਕੋਈ ਵੀ ਵੱਡੇ ਤੋ ਵੱਡਾ ਹੁਕਮਰਾਨ ਜਾਂ ਦੁਸਮਣ ਖਤਮ ਨਹੀਂ ਕਰ ਸਕਦਾ ਅਤੇ ਨਾ ਹੀ ਸਿੱਖ ਕੌਮ ਅਜਿਹੇ ਜ਼ਬਰ ਕਤਲੇਆਮ ਅੱਗੇ ਕਦੀ ਈਨ ਮੰਨਦੀ ਹੈ, ਹੁਣ ਤਾਂ ਵੱਡੇ ਮੁਲਕ ਸਿੱਖ ਕੌਮ ਨਾਲ ਇਨਸਾਨੀਅਤ ਤੇ ਮਨੁੱਖਤਾ ਦੇ ਬਿਨ੍ਹਾਂ ਤੇ ਖੜ੍ਹੇ ਹਨ।ਇਸ ਲਈ ਸਿੱਖ ਕੌਮ ਨੂੰ ਆਪਣੀ ਆਜ਼ਾਦੀ ਦੀ ਜੰਗ ਵਿਚ ਕਿਸੇ ਤਰ੍ਹਾਂ ਦੀ ਵੀ ਢਿੱਲ ਨਹੀ ਆਉਣ ਦੇਣੀ ਚਾਹੀਦੀ।ਬਲਕਿ ਪਹਿਲਾ ਨਾਲੋਂ ਵੀ ਵਧੇਰੇ ਦ੍ਰਿੜਤਾ ਤੇ ਦੂਰਅੰਦੇਸ਼ੀ ਨਾਲ ਆਪਣੀ ਕੌਮੀ ਮੰਜਿਲ ਵੱਲ ਵੱਧਣਾ ਚਾਹੀਦਾ ਹੈ।ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 1984 ਵਿਚ ਹਿੰਦੂਤਵ ਹੁਕਮਰਾਨਾਂ ਵੱਲੋਂ ਸਿੱਖ ਕੌਮ ਦੇ ਗੈਰ ਕਾਨੂੰਨੀ, ਗੈਰ ਇਨਸਾਨੀ ਢੰਗਾਂ ਰਾਹੀ ਕੀਤੇ ਜਾਣ ਵਾਲੇ ਕਤਲਾਂ ਵਿਰੁੱਧ ਸਕਾਟਲੈਂਡ ਦੀ ਪਾਰਲੀਮੈਟ ਵਿਚ ਬਾਦਲੀਲ ਢੰਗ ਨਾਲ ਮਤਾ ਪਾਸ ਕਰਨ ਦਾ ਧੰਨਵਾਦ ਕਰਦੇ ਹੋਏ ਅਤੇ ਸਿੱਖ ਕੌਮ ਨੂੰ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਅਸੀਂ ਸਕਾਟਲੈਡ ਦੀ ਪਾਰਲੀਮੈਂਟ ਨੂੰ ਜਾਣਕਾਰੀ ਦੇਣਾ ਚਾਹਵਾਂਗੇ ਕਿ ਸ੍ਰੀ ਮੋਦੀ ਦੀ ਅਗਵਾਈ ਹੇਠ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਦੇ ਮੁੱਖੀ ਰਵੀ ਸਿਨ੍ਹਾ ਅਤੇ ਰਾਅ ਦੇ ਸਾਬਕਾ ਮੁੱਖੀ ਸੰਮਤ ਗੋਇਲ ਨੇ ਆਜਾਦੀ ਮੰਗਣ ਵਾਲੇ ਸਿੱਖਾਂ ਨੂੰ ਬਾਹਰਲੇ ਮੁਲਕਾਂ ਅਤੇ ਇੰਡੀਆਂ ਵਿਚ ਕਤਲੇਆਮ ਕਰਨ ਦੀ ਨੀਤੀ ਅਪਣਾਈ ਹੋਈ ਹੈ।ਸਕਾਟਲੈਂਡ ਦੀ ਪਾਰਲੀਮੈਂਟ ਵਿਚ ਜੋ ਸਿੱਖਾਂ ਨੂੰ 1984 ਵਿਚ ਮਾਰੇ ਜਾਣ ਦੇ ਵਿਰੁੱਧ ਮਤਾ ਪਾਸ ਕੀਤਾ ਗਿਆ ਹੈ ਅਤੇ ਇਹ ਮਤਾ ਕਾਊਕਾਵ ਸਟੀਵਾਰਟ, ਗਲਾਸਗੋ ਕੈਲਵਿਨ ਸਕਾਟਲੈਡ ਦੀ ਨੈਸਨਲ ਪਾਰਟੀ ਨੇ 2 ਅਕਤੂਬਰ 2023 ਨੂੰ ਪਾਰਲੀਮੈਂਟ 'ਚ ਪੇਸ ਕੀਤਾ ਸੀ।ਜਿਸ ਦਾ ਮੋਸਨ ਰੈਫਰੈਸ ਨੰਬਰ ਐਸ-6 ਐਮ-10590 ਹੈ ਦੇ ਲਈ ਅਸੀ ਸਮੁੱਚੇ ਸਕਾਟਲੈਂਡ ਦੀ ਸਰਕਾਰ ਦਾ ਸਵਾਗਤ ਕਰਦੇ ਹਾਂ।ਜਿਨ੍ਹਾਂ ਨੇ ਸਿੱਖ ਮਰਦਾਂ, ਔਰਤਾਂ, ਬੱਚਿਆਂ ਨੂੰ 31 ਅਕਤੂਬਰ 1984 ਤੋ ਲੈ ਕੇ 4 ਨਵੰਬਰ 1984 ਤੱਕ ਕਤਲੇਆਮ ਕਰਨ ਸੰਬੰਧੀ ਸਮੁੱਚੇ ਇੰਡੀਆ 'ਚ 3000 ਸਿੱਖਾਂ ਨੂੰ ਨਿਸ਼ਾਨਾਂ ਬਣਾ ਕੇ ਕਤਲ ਕੀਤਾ ਸੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪੰਜਾਬ ਸੂਬੇ ਦੀ ਖੇਤਰੀ ਪਾਰਟੀ ਸਿੱਖ ਕੌਮ ਦੇ ਬਿਨ੍ਹਾਂ ਤੇ ਸਕਾਟਲੈਡ ਦੀ ਪਾਰਲੀਮੈਂਟ ਦਾ ਜਿਥੇ ਇਸ ਕੀਤੇ ਗਏ ਮਨੁੱਖਤਾ ਪੱਖੀ ਉੱਦਮ ਲਈ ਤਹਿ ਦਿਲੋ ਧੰਨਵਾਦ ਕਰਦੀ ਹੈ, ਉਥੇ ਉਨ੍ਹਾਂ ਨੂੰ ਇਹ ਵਿਸਵਾਸ ਵੀ ਦਿਵਾਉਦੀ ਹੈ ਕਿ ਅਸੀ ਆਪਣੀ ਕੌਮੀ ਆਜਾਦੀ ਦੀ ਲੜਾਈ ਨੂੰ ਕੌਮਾਂਤਰੀ ਮਨੁੱਖਤਾ ਪੱਖੀ ਕਾਨੂੰਨਾਂ, ਨਿਯਮਾਂ ਅਧੀਨ ਅਮਨਮਈ ਤੇ ਜਮਹੂਰੀਅਤ ਢੰਗਾਂ ਨਾਲ ਨਿਸ਼ਾਨੇ ਵੱਲ ਲਿਜਾਵਾਂਗੇ ਤੇ ਸਾਡੀ ਪਾਰਟੀ ਰੌਬਟ ਬਰੂਸ ਤੋਂ ਹਮੇਸ਼ਾਂ ਅਗਵਾਈ ਲੈਂਦੀ ਰਹੇਗੀ, ਜਿਨ੍ਹਾਂ ਨੇ ਕਦੀ ਵੀ ਔਖੀ ਘੜੀ 'ਚ ਵੀ ਆਪਣਾ ਹੌਸਲਾ ਨਹੀਂ ਸੀ ਛੱਡਿਆ।


ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੱ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243